ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit **punjabipost.ca/epaper** | **Vol 22* Issue 75** | **Monday, April 17, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*



SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


## ਅੱਜ ਮੇਅਰ ਦੇ ਅਹੁਦੇ ਦੀ ਦੌੜ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਸਕਦੀ ਹੈ ਓਲੀਵੀਆ ਚਾਓ

ਟੋਰਾਂਟੋ, 16 ਅਪਰੈਲ (ਪੋਸਟ ਬਿਊਰੋ) : ਟੋਰਾਂਟੋ ਦਾ ਅਗਲਾ ਮੇਅਰ ਬਣਨ ਲਈ ਜਲਦ ਹੀ ਇੱਕ ਹੋਰ ਹਾਈ ਪ੍ਰੋਫਾਈਲ ਨਾਂ ਉਮੀਦਵਾਰਾਂ ਦੀ ਸੂਚੀ ਵਿੱਚ ਸ਼ਾਮਲ ਹੋਣ ਜਾ ਰਿਹਾ ਹੈ।

ਸੋਮਵਾਰ ਸਵੇਰੇ ਡਾਊਨਟਾਊਨ ਟੋਰਾਂਟੋ ਦੇ ਇੱਕ ਰੈਸਟੋਰੈਂਟ ਵਿੱਚ ਓਲੀਵੀਆ ਚਾਓ ਇਸ ਸਬੰਧ ਵਿੱਚ ਐਲਾਨ ਕਰ ਸਕਦੀ ਹੈ। ਖੱਬੇਪੱਖੀ ਤੇ ਪ੍ਰੋਗਰੈਸਿਵ ਸਿਆਸਤ ਦੀ ਮਾਹਿਰ ਓਲੀਵੀਆ ਚਾਓ ਪਹਿਲਾਂ ਕਾਊਂਸਲਰ ਤੇ ਫਿਰ ਐਮਪੀ ਰਹਿ ਚੁੱਕੀ ਹੈ।



ਪਿਛਲੇ ਮਹੀਨੇ ਹੀ ਚਾਓ ਨੇ ਇਹ ਸੰਕੇਤ ਦੇ ਦਿੱਤਾ ਸੀ ਕਿ ਉਹ ਮੇਅਰ ਦੇ ਅਹੁਦੇ ਦੀ ਦੌੜ ਵਿੱਚ ਸ਼ਾਮਲ ਹੋ ਸਕਦੀ ਹੈ ਪਰ ਫਿਰ ਹੋਰ ਉਮੀਦਵਾਰਾਂ ਦੇ ਸਾਹਮਣੇ ਆਉਣ ਸਮੇਂ ਉਹ ਚੁੱਪਚਾਪ ਇੱਕ ਪਾਸੇ ਖੜ੍ਹ ਕੇ ਦੇਖਦੀ ਰਹੀ ਤੇ ਹੁਣ ਉਨ੍ਹਾਂ ਚੋਣ ਪਿੜ ਵਿੱਚ ਨਿੱਤਰਨ ਦਾ ਫੈਸਲਾ ਕਰ ਲਿਆ ਹੈ।

ਇੱਕ ਦਹਾਕੇ ਪਹਿਲਾਂ ਵੀ ਚਾਓ ਮੇਅਰ ਦੇ ਅਹੁਦੇ ਲਈ ਦੌੜ ਵਿੱਚ ਖੜ੍ਹੀ ਹੋ ਚੁੱਕੀ ਹੈ। 2014 ਵਿੱਚ ਉਸ ਸਮੇਂ ਮੌਜੂਦਾ ਪ੍ਰੀਮੀਅਰ ਡੱਗ ਫੋਰਡ ਦੇ ਭਰਾ ਰੌਬ ਫੋਰਡ ਖਿਲਾਫ ਉਨ੍ਹਾਂ ਮੇਅਰ ਦੇ ਅਹੁਦੇ ਲਈ ਨਾਕਾਮ ਕੋਸ਼ਿਸ਼ ਕੀਤੀ ਸੀ। ਬਾਅਦ ਵਿੱਚ ਰੌਬ ਫੋਰਡ ਦੀ ਤਬੀਅਤ ਖਰਾਬ ਹੋਣ ਮਗਰੋਂ ਉਨ੍ਹਾਂ ਦੀ ਥਾਂ ਉਨ੍ਹਾਂ ਦੇ ਭਰਾ ਡੱਗ ਫੋਰਡ ਨੇ ਲੈ ਲਈ ਸੀ। ਉਸ ਮੁਹਿੰਮ ਦੌਰਾਨ ਚਾਓ ਦੀਆਂ ਕੋਸ਼ਿਸ਼ਾਂ ਨੂੰ ਬੂਰ ਨਹੀਂ ਸੀ ਪਿਆ ਤੇ ਉਹ ਜੌਹਨ ਟੋਰੀ ਤੇ ਫੋਰਡ ਤੋਂ ਬਾਅਦ ਤੀਜੇ ਸਥਾਨ ਉੱਤੇ ਰਹੀ ਸੀ।

ਉਨ੍ਹਾਂ ਤੋਂ ਇਲਾਵਾ ਇਸ ਦੌੜ ਵਿੱਚ ਐਨਾ ਬਾਇਲਾਓ, ਬ੍ਰੈਡ ਬ੍ਰੈਡਫੋਰਡ, ਮਿਤਜ਼ੀ ਹੰਟਰ, ਜਿਓਰਜੀਓ ਮੈਮੋਲਿਟੀ, ਐਂਥਨੀ ਪੈਰੂਜਾ, ਮਾਰਕ ਸਾਂਡਰਜ਼ ਤੇ ਜੋਸ਼ ਮੈਟਲੋਅ ਸ਼ਾਮਲ ਹਨ।

## ਹਾਕੀ ਕੈਨੇਡਾ ਲਈ ਮੁੜ ਫੰਡਿੰਗ ਸ਼ੁਰੂ ਕਰ ਰਹੀ ਹੈ ਫੈਡਰਲ ਸਰਕਾਰ

ਓਟਵਾ, 16 ਅਪਰੈਲ (ਪੋਸਟ ਬਿਊਰੋ) : ਕੈਨੇਡੀਅਨ ਸਰਕਾਰ ਵੱਲੋਂ ਹਾਕੀ ਕੈਨੇਡਾ ਲਈ ਫੰਡਿੰਗ ਮੁੜ ਸ਼ੁਰੂ ਕਰ ਦਿੱਤੀ ਗਈ ਹੈ।

ਇਸ ਸਬੰਧ ਵਿੱਚ ਹਾਕੀ ਕੈਨੇਡਾ ਵੱਲੋਂ ਐਤਵਾਰ ਨੂੰ ਐਲਾਨ ਕੀਤਾ ਗਿਆ। ਕੈਨੇਡਾ ਦੀ ਖੇਡ ਮੰਤਰੀ ਪਾਸਕਲ ਐਸਟੀਓਂਜ ਨੇ ਵਰਲਡ ਵੁਮਨਜ਼ ਹਾਕੀ ਚੈਂਪੀਅਨਸ਼ਿਪ ਦੇ ਕੈਨੇਡਾ ਤੇ ਅਮਰੀਕਾ ਦਰਮਿਆਨ ਹੋਣ ਵਾਲੇ ਮੈਚ ਤੋਂ ਪਹਿਲਾਂ ਇਸ ਜਾਣਕਾਰੀ ਨੂੰ ਜਨਤਕ ਕੀਤਾ। ਸੀਏਏ ਸੈਂਟਰ ਉੱਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸਟੀਓਂਜ ਨੇ ਆਖਿਆ ਕਿ



ਜਦੋਂ ਅਸੀਂ ਹਾਕੀ ਕੈਨੇਡਾ ਲਈ ਫੰਡਿੰਗ ਸਸਪੈਂਡ ਕੀਤੀ ਸੀ ਤਾਂ ਇਸ ਨੂੰ ਹਮੇਸ਼ਾਂ ਲਈ ਬੰਦ ਕਰਨਾ ਸਾਡਾ ਮਕਸਦ ਨਹੀਂ ਸੀ। ਅਜਿਹਾ ਇਸ ਲਈ ਕੀਤਾ ਗਿਆ ਸੀ ਤਾਂ ਕਿ ਆਰਗੇਨਾਈਜ਼ੇਸ਼ਨ ਵਿੱਚ ਪੂਰੀ ਤਬਦੀਲੀ ਲਿਆਂਦੀ ਜਾ ਸਕੇ। ਉਨ੍ਹਾਂ ਆਖਿਆ ਕਿ ਇਸ ਵਾਸਤੇ ਉਨ੍ਹਾਂ ਲਈ ਤਿੰਨ ਸ਼ਰਤਾਂ ਰੱਖੀਆਂ ਗਈਆਂ ਸਨ। ਹਾਕੀ ਕੈਨੇਡਾ ਵੱਲੋਂ ਇਹ ਤਿੰਨੇ ਸ਼ਰਤਾਂ ਪੂਰੀਆਂ ਕਰ ਲਈਆਂ ਗਈਆਂ ਹਨ ਤੇ ਹੁਣ ਅਸੀਂ ਇਹ ਫੰਡਿੰਗ ਬਹਾਲ ਕਰ ਰਹੇ ਹਾਂ। ਪਰ ਅਜੇ ਵੀ ਇਹ ਨਹੀਂ ਆਖਿਆ ਜਾ ਸਕਦਾ ਹੈ ਕਿ ਇਹ ਬਲੈਂਕ ਚੈੱਕ ਹੋਵੇਗਾ।

ਉਨ੍ਹਾਂ ਆਖਿਆ ਕਿ ਅਸੀਂ ਉਨ੍ਹਾਂ ਨੂੰ ਲਗਾਤਾਰ ਸਪੋਰਟ ਕੈਨੇਡਾ ਨੂੰ ਰਿਪੋਰਟ ਕਰਨ ਲਈ ਆਖਾਂਗੇ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਉਹ ਸਹੀ ਦਿਸ਼ਾ ਵੱਲ ਅੱਗੇ ਵੱਧਦੇ ਰਹਿਣ ਤੇ ਦੋਵਾਂ ਰਿਪੋਰਟਾਂ ਦੀਆਂ ਸਾਰੀਆਂ ਸ਼ਰਤਾਂ ਨੂੰ ਲਾਗੂ ਕਰਨ। ਅਸੀਂ ਇਹ ਵੀ ਯਕੀਨੀ ਬਣਾਵਾਂਗੇ ਕਿ ਉਨ੍ਹਾਂ ਦਾ ਐਕਸ਼ਨ ਪਲੈਨ ਸੱਚ ਵਿੱਚ ਅੱਗੇ ਵਧੇ। ਜ਼ਿਕਰਯੋਗ ਹੈ ਕਿ ਮਈ ਤੋਂ

... ਬਾਕੀ ਸਫਾ 2 'ਤੇ

## 2 ਦਸੰਬਰ ਨੂੰ ਨਵੇਂ ਆਗੂ ਦਾ ਐਲਾਨ ਕਰੇਗੀ ਓਨਟਾਰੀਓ ਦੀ ਲਿਬਰਲ ਪਾਰਟੀ

ਓਨਟਾਰੀਓ, 16 ਅਪਰੈਲ (ਪੋਸਟ ਬਿਊਰੋ) : ਓਨਟਾਰੀਓ ਦੀ ਲਿਬਰਲ ਪਾਰਟੀ ਇਸ ਸਾਲ ਨਵੰਬਰ ਦੇ ਅਖੀਰ ਤੱਕ ਆਪਣਾ ਨਵਾਂ ਲੀਡਰ ਚੁਣ ਲਵੇਗੀ। ਇਸ ਦੇ ਨਤੀਜੇ 2 ਦਸੰਬਰ ਨੂੰ ਸਾਹਮਣੇ ਆਉਣਗੇ।

ਐਤਵਾਰ ਨੂੰ ਪਾਰਟੀ ਦੇ ਐਗਜ਼ੈਕਟਿਵ ਵੱਲੋਂ ਇਸ ਸਬੰਧ ਵਿੱਚ ਐਲਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ 2022 ਵਿੱਚ



ਚੋਣਾਂ ਦੌਰਾਨ ਲੋੜੀਂਦੀਆਂ ਸੀਟਾਂ ਵੀ ਨਾ ਜਿੱਤ ਪਾਉਣ ਮਗਰੋਂ ਤਤਕਾਲੀ ਪਾਰਟੀ ਆਗੂ ਸਟੀਵਨ ਡੈਲ ਡੂਕਾ ਨੇ ਅਸਤੀਫਾ ਦੇ ਦਿੱਤਾ ਸੀ। ਉਸ ਸਮੇਂ ਲਿਬਰਲ ਪਾਰਟੀ ਦੀ ਲੜੀਵਾਰ ਦੂਜੀ ਹਾਰ ਹੋਈ ਸੀ। ਲਿਬਰਲਾਂ ਵੱਲੋਂ ਆਪਣਾ ਆਗੂ ਚੁਣੇ ਜਾਣ ਲਈ ਨਿਯਮਾਂ ਤੇ ਸਮਾਂ ਸੀਮਾਂ ਦਾ ਐਲਾਨ ਕਰ ਦਿੱਤਾ ਗਿਆ ਹੈ।

ਇਸ ਅਹਦੇ ਲਈ ਐਮਪੀ ਨੇਟ ਅਰਸਕਾਈਨ ਸਮਿੱਥ, ਐਮਪੀ ਤੇ ਓਨਟਾਰੀਓ ਤੋਂ

... ਬਾਕੀ ਸਫਾ 2 'ਤੇ

## ਰਿਹਾਇਸ਼ੀ ਇਮਾਰਤ ਦੇ ਬਾਹਰ ਹੋਈ ਲੜਾਈ ਵਿੱਚ ਇੱਕ ਗੰਭੀਰ ਜ਼ਖ਼ਮੀ

ਓਨਟਾਰੀਓ, 16 ਅਪਰੈਲ (ਪੋਸਟ ਬਿਊਰੋ) : ਸਿਟੀ ਦੇ ਪੱਛਮੀ ਸਿਰੇ ਉੱਤੇ ਹੋਈ ਲੜਾਈ ਤੋਂ ਬਾਅਦ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ ਤੇ ਇਸ ਸਮੇਂ ਉਹ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ। ਇਹ ਜਾਣਕਾਰੀ ਪੁਲਿਸ ਨੇ ਦਿੱਤੀ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਤੀਂ 9:00 ਵਜੇ ਤੋਂ ਠੀਕ ਬਾਅਦ ਲਿਸਗਰ ਸਟਰੀਟ ਤੇ ਕੁਈਨ ਸਟਰੀਟ ਵੈਸਟ ਇਲਾਕੇ ਵਿੱਚ ਇੱਕ ਰਿਹਾਇਸ਼ੀ ਇਮਾਰਤ ਦੇ ਬਾਹਰ ਹੋਈ ਲੜਾਈ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਮੌਕੇ ਉੱਤੇ ਪਹੁੰਚਣ ਉੱਤੇ ਪੁਲਿਸ ਨੂੰ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹਾਲਤ ਵਿੱਚ ਮਿਲਿਆ ਤੇ ਉਸ ਦਾ ਸਾਹ ਸਤ ਵੀ ਨਹੀਂ ਸੀ ਚੱਲ ਰਿਹਾ। ਪੈਰਾਮੈਡਿਕਸ ਦੇ ਮੌਕੇ ਉੱਤੇ ਪਹੁੰਚਣ ਤੋਂ ਬਾਅਦ ਹੀ ਉਸ ਵਿਅਕਤੀ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕੀਤੀਆਂ ਗਈਆਂ। ਇਸ ਮਾਮਲੇ ਦੀ ਅਜੇ ਤਫਸੀਲ ਨਾਲ ਜਾਣਕਾਰੀ ਹਾਸਲ ਨਹੀਂ ਹੋਈ ਹੈ।


NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

ON TIME HEATING COOLING & REFRIGERATION
ac - furnance - heat pump -
boilers - gasline - walk in cooler -
water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Easter SALE
$299
$2,999
$299
$399
$4,499
$4,649
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
Real Estate Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial
Brokerage Lic. 12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਖੇਡ ਸੱਭਿਆਚਾਰ ਪੈਦਾ ਕਰਨ ਲਈ ਨਿਰੰਤਰ ਯਤਨਸ਼ੀਲ: ਮੀਤ ਹੇਅਰ

*** ਪੰਜਾਬ ਤੇ ਹਰਿਆਣਾ ਦੇ ਵਿਧਾਨਕਾਰਾਂ ਦੇ ਕ੍ਰਿਕਟ ਮੈਚ ਨੂੰ ਦੱਸਿਆ ਚੰਗੀ ਸ਼ੁਰੂਆਤ**

ਚੰਡੀਗੜ੍ਹ, 16 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰਪੰਜਾਬ ਵਿੱਚ ਖੇਡ ਸੱਭਿਆਚਾਰ ਪੈਦਾ ਕਰਨ ਲਈ ਨਿਰੰਤਰ ਯਤਨਸ਼ੀਲ ਹੈ।ਸਰਕਾਰ ਦੀ ਇਹ ਕੋਸ਼ਿਸ਼ ਹੈ ਕਿ ਪੰਜਾਬ ਦੀ ਨੌਜਵਾਨੀ ਖੇਡ ਮੈਦਾਨਾਂ ਵਿੱਚ ਨਿੱਤਰ ਕੇ ਸਿਹਤਮੰਦ ਪੰਜਾਬ ਸਿਰਜਣ ਵਿੱਚ ਆਪਣਾ ਵੱਡਾ ਯੋਗਦਾਨ ਪਾਵੇ।

ਇਹ ਗੱਲ ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਬੀਤੀ ਰਾਤ ਸੈਕਟਰ 16 ਕੌਮਾਂਤਰੀ ਕ੍ਰਿਕਟ ਸਟੇਡੀਅਮ ਵਿਖੇ ਯੂ ਟੀ ਕ੍ਰਿਕਟ ਐਸੋਸੀਏਸ਼ਨ ਵੱਲੋਂ ਪੰਜਾਬ ਅਤੇ ਹਰਿਆਣਾ ਦੇ ਵਿਧਾਇਕਾਂ ਦਰਮਿਆਨ ਕਰਵਾਏ ਗਏ ਕ੍ਰਿਕਟ ਮੈਚ ਤੋਂ ਬਾਅਦ ਕਹੀ। ਮੀਤ ਹੇਅਰ ਜਿਨ੍ਹਾਂ 12 ਛੱਕਿਆਂ ਅਤੇ 13 ਚੌਕਿਆਂ ਦੀ ਮਦਦ ਨਾਲ ਮਹਿਜ਼ 53 ਗੇਂਦਾਂ ਉਤੇ ਨਾਬਾਦ 150 ਦੌੜਾਂ ਦੀ ਪਾਰੀ ਖੇਡੀ ਅਤੇ ਮੈਨ ਆਫ਼ ਦ ਮੈਚ ਰਹੇ। ਪੰਜਾਬ ਨੇ 95 ਦੌੜਾਂ ਨਾਲ ਮੈਚ ਜਿੱਤਿਆ। ਟੀਮ ਦੇ ਕਪਤਾਨ ਮੀਤ ਹੇਅਰ ਨੇ ਜੇਤੂ ਟਰਾਫੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੂੰ ਸੌਂਪੀ।

ਮੀਤ ਹੇਅਰ ਨੇ ਕਿਹਾ ਕਿ ਦੋਵੇਂ ਟੀਮਾਂ ਦੇ ਖਿਡਾਰੀਆਂ ਵੱਲੋਂ ਵਧੀਆ ਪ੍ਰਦਰਸ਼ਨ ਕੀਤਾ ਗਿਆ।ਅਜਿਹੇ ਉਪਰਾਲੇ ਖੇਡ ਸੱਭਿਆਚਾਰ ਨੂੰ ਹੁਲਾਰਾ ਦਿੰਦੇ ਹਨ ਅਤੇ ਨੌਜਵਾਨਾਂ ਨੂੰ ਖੇਡ ਮੈਦਾਨ ਵਿੱਚ ਆਉਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਇਸ ਨਿਵੇਕਲੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜੇਕਰ ਲੋਕਾਂ ਦੇ ਚੁਣੇ ਨੁਮਾਇੰਦੇ ਅਜਿਹੀ ਉਦਾਹਰਨ ਪੇਸ਼ ਕਰਨਗੇ ਤਾਂ ਸੂਬਾ ਵਾਸੀਆਂ ਦਾ ਵੀ ਖੇਡਾਂ ਵੱਲ ਰੁਝਾਨ ਵਧੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਖੇਡਾਂ ਵਤਨ ਪੰਜਾਬ ਦੀਆਂ ਵੀ ਇਸੇ ਮਨੋਰਥ ਨਾਲ ਸ਼ੁਰੂ ਕੀਤੀਆਂ ਗਈਆਂ ਜਿਨ੍ਹਾਂ ਨੂੰ ਚੰਗਾ ਹੁੰਗਾਰਾ ਮਿਲਿਆ ਅਤੇ ਤਿੰਨ ਲੱਖ ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ।

# ਹਾਕੀ ਕੈਨੇਡਾ ਲਈ ਮੁੜ ਫੰਡਿੰਗ ਸ਼ੁਰੂ ਕਰ ਰਹੀ ਹੈ ਫੈਡਰਲ ਸਰਕਾਰ

ਸਫਾ 1 ਦਾ ਬਾਕੀ

ਹੀ ਕੁੱਝ ਸਪਾਂਸਰਜ਼ ਵੱਲੋਂ ਪੈਸਾ ਵਾਪਿਸ ਖਿੱਚ ਲੈਣ ਤੋਂ ਬਾਅਦ ਹੀ ਫੈਡਰਲ ਸਰਕਾਰ ਨੂੰ ਹਾਕੀ ਕੈਨੇਡਾ ਦੀ ਫੰਡਿੰਗ ਰੋਕਣੀ ਪਈ ਸੀ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇੱਕ ਮਹਿਲਾ ਵੱਲੋਂ ਇਹ ਖੁਲਾਸਾ ਕੀਤਾ ਗਿਆ ਸੀ ਕਿ 2018 ਵਰਲਡ ਜੂਨੀਅਰ ਟੀਮ ਦੇ ਮੈਂਬਰਾਂ ਸਮੇਤ ਅੱਠ ਖਿਡਾਰੀਆਂ ਵੱਲੋਂ ਉਸ ਉੱਤੇ ਜਿਨਸੀ ਹਮਲਾ ਕੀਤਾ ਗਿਆ ਸੀ। ਇਹ ਘਟਨਾ ਜੂਨ 2018 ਦੀ ਹੈ ਤੇ ਇਹ ਲੰਡਨ, ਓਨਟਾਰੀਓ ਵਿੱਚ ਫਾਊਂਡੇਸ਼ਨ ਗਾਲਾ ਸਮੇਂ ਵਾਪਰੀ ਸੀ। ਹਾਕੀ ਕੈਨੇਡਾ ਤੇ ਇਸ ਮਹਿਲਾ ਵੱਲੋਂ ਇਸ ਮਾਮਲੇ ਨੂੰ ਅਦਾਲਤ ਤੋਂ ਬਾਹਰ 3.55 ਮਿਲੀਅਨ ਡਾਲਰ ਵਿੱਚ ਸੁਲਝਾ ਲਿਆ ਗਿਆ ਸੀ।

ਇਹ ਵੀ ਸਾਹਮਣੇ ਆਇਆ ਸੀ ਕਿ ਹਾਕੀ ਕੈਨੇਡਾ ਦੇ ਨੈਸ਼ਨਲ ਇਕੁਇਟੀ ਫੰਡ, ਜਿਸ ਨੂੰ ਦੇਸ਼ ਭਰ ਦੇ ਖਿਡਾਰੀਆਂ ਤੋਂ ਫੀਸ ਵਜੋਂ ਇੱਕਠੇ ਹੋਏ ਪੈਸੇ ਨਾਲ ਤਿਆਰ ਕੀਤਾ ਗਿਆ ਹੈ, ਦੀ ਵਰਤੋਂ ਇਸ ਤਰ੍ਹਾਂ ਦੇ ਜਿਨਸੀ ਸ਼ੋਸ਼ਣ ਦੇ ਮਾਮਲਿਆਂ ਤੇ ਹੋਰ ਮਾਮਲਿਆਂ ਨੂੰ ਸੁਲਝਾਉਣ ਲਈ ਖਰਚਿਆ ਜਾਂਦਾ ਹੈ। ਹਾਕੀ ਕੈਨੇਡਾ ਦੇ ਐਗਜ਼ੈਕਟਿਵਸ ਨੇ ਜੁਲਾਈ ਵਿੱਚ ਇਹ ਵੀ ਖੁਲਾਸਾ ਕੀਤਾ ਸੀ ਕਿ 2018 ਦੀ ਡੀਲ ਤੋਂ ਇਲਾਵਾ ਉਨ੍ਹਾਂ ਵੱਲੋਂ 1989 ਤੋਂ ਲੈ ਕੇ ਹੁਣ ਤੱਕ ਜਿਨਸੀ ਹਮਲਿਆਂ ਦੇ ਸਬੰਧ ਵਿੱਚ ਸਾਹਮਣੇ ਆਏ ਮਾਮਲਿਆਂ ਨੂੰ ਸੁਲਝਾਉਣ ਲਈ 8.9 ਮਿਲੀਅਨ ਡਾਲਰ ਖਰਚ ਕੀਤੇ ਜਾ ਚੁੱਕੇ ਹਨ।

# ਚਾਲੂ ਵਿਦਿਅਕ ਵਰ੍ਹੇ ਤੋਂ ਸੂਬੇ ਦੇ ਵਿਦਿਆਰਥੀਆਂ ਪੜ੍ਹਨਗੇ ਚਾਰ ਮਹਾਨ ਖਿਡਾਰੀਆਂ ਦੀ ਜੀਵਨੀ : ਹਰਜੋਤ ਸਿੰਘ ਬੈਂਸ

*** ਬਲਬੀਰ ਸਿੰਘ ਸੀਨੀਅਰ, ਮਿਲਖਾ ਸਿੰਘ, ਗੁਰਬਚਨ ਸਿੰਘ ਰੰਧਾਵਾ ਤੇ ਕੌਰ ਸਿੰਘ ਦੀ ਜੀਵਨੀ ਨੌਵੀਂ ਤੇ ਦਸਵੀਂ ਦੀਆਂ ਸਰੀਰਕ ਸਿੱਖਿਆ ਪਾਠ ਪੁਸਤਕ ਵਿੱਚ ਸ਼ਾਮਲ**

ਚੰਡੀਗੜ੍ਹ,16 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦੀ ਸਿੱਖਿਆ ਮੁਹੱਈਆ ਕਰਵਾਉਣ ਦੇ ਨਾਲ ਨਾਲ ਖੇਡਾਂ ਦੇ ਖੇਤਰ ਵਿਚ ਵੀ ਆਪਣੀ ਤਾਕਤ ਨੂੰ ਸਾਬਿਤ ਕਰਨ ਲਈ ਪ੍ਰੇਰਿਤ ਕਰਨ ਦੇ ਮਕਸਦ ਨਾਲ ਵਿਦਿਆਰਥੀਆਂ ਨੂੰ ਪੰਜਾਬ ਰਾਜ ਨਾਲ ਸਬੰਧਿਤ ਚਾਰ ਮਹਾਨ ਖਿਡਾਰੀਆਂ ਦੀ ਜੀਵਨੀ ਪੜ੍ਹਾਈ ਜਾਵੇਗੀ।ਉਕਤ ਪ੍ਰਗਟਾਵਾ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਇਥੇ ਕੀਤਾ।




ਸ।ਬੈਂਸ ਨੇ ਦੱਸਿਆ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣ ਅਤੇ ਪੰਜਾਬ ਨੂੰ ਖੇਡਾਂ ਵਿੱਚ ਮੁੜ ਮੋਹਰੀ ਬਣਾਉਣ ਦੀ ਵਚਨਬੱਧਤਾ ਉਤੇ ਚੱਲਦਿਆਂ ਸਕੂਲ ਸਿੱਖਿਆ ਵਿਭਾਗ ਵੱਲੋਂ ਪੰਜਾਬ ਦੇ ਮਹਾਨ ਖਿਡਾਰੀਆਂ ਦੀ ਜੀਵਨੀ ਨੂੰ ਸਕੂਲੀ ਪੜ੍ਹਾਈ ਦਾ ਸਿਲੇਬਸ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਪੰਜਾਬ ਦੇ ਚਾਰ ਮਹਾਨ ਖਿਡਾਰੀਆਂ ਅਦੀ ਸੰਖੇਪ ਜੀਵਨੀ ਸਰੀਰਕ ਸਿੱਖਿਆ ਵਿਸ਼ੇ ਦੀਆਂ ਪਾਠ ਪੁਸਤਕਾਂ ਵਿੱਚ ਸ਼ਾਮਲ ਕੀਤੀ ਗਈ ਹੈ ਜਿਨ੍ਹਾਂ ਖਿਡਾਰੀਆਂ ਦੀ ਜੀਵਨੀ ਸਕੂਲ ਸਿਲੇਬਸ ਵਿੱਚ ਸ਼ਾਮਲ ਕੀਤਾ ਗਿਆ ਹੈ ਉਨ੍ਹਾਂ ਨੇ ਪੰਜਾਬੀਆਂ ਦਾ ਝੰਡਾ ਪੂਰੀ ਦੁਨੀਆ ਵਿਚ ਬੁਲੰਦ ਕੀਤਾ।

ਸਿੱਖਿਆ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਵਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸਰੀਰਕ ਵਿਸ਼ੇ ਦੀ ਨੌਵੀਂ ਕਿਤਾਬ ਦੀ ਪਾਠ ਪੁਸਤਕ ਵਿੱਚ ਤਿੰਨ ਵਾਰ ਦੇ ਓਲੰਪਿਕਸ ਗੋਲਡ ਮੈਡਲ ਹਾਕੀ ਓਲੰਪੀਅਨ ਬਲਬੀਰ ਸਿੰਘ ਸੀਨੀਅਰ, ਉਡਣਾ ਸਿੱਖ ਵਜੋਂ ਮਸ਼ਹੂਰ ਹੋਏ ਮਹਾਨ ਅਥਲੀਟ ਮਿਲਖਾ ਸਿੰਘ ਤੇ ਏਸ਼ੀਅਨ ਚੈਂਪੀਅਨ ਮੁੱਕੇਬਾਜ਼ ਕੌਰ ਸਿੰਘ ਅਤੇ ਸਰੀਰਕ ਸਿੱਖਿਆ ਦੀ ਦਸਵੀਂ ਕਿਤਾਬ ਦੀ ਪਾਠ ਪੁਸਤਕ ਵਿੱਚ ਭਾਰਤ ਦੇ ਪਹਿਲੇ ਅਰਜੁਨਾ ਐਵਾਰਡੀ ਓਲੰਪੀਅਨ ਅਥਲੀਟ ਗੁਰਬਚਨ ਸਿੰਘ ਰੰਧਾਵਾ ਦੀ ਜੀਵਨੀ ਸ਼ਾਮਲ ਕੀਤੀ ਗਈ ਹੈ।

# 2 ਦਸੰਬਰ ਨੂੰ ਨਵੇਂ ਆਗੂ ਦਾ ਐਲਾਨ ਕਰੇਗੀ ਓਨਟਾਰੀਓ ਦੀ ਲਿਬਰਲ ਪਾਰਟੀ

ਸਫਾ 1 ਦਾ ਬਾਕੀ

ਸਾਬਕਾ ਕੈਬਨਿਟ ਮੰਤਰੀ ਯਾਸਿਰ ਨਕਵੀ ਤੇ ਮੌਜੂਦਾ ਪ੍ਰੋਵਿੰਸ਼ੀਅਲ ਕਾਕਸ ਮੈਂਬਰ ਤੇ ਸਾਬਕਾ ਐਮਪੀ ਟੈੱਡ ਹਸੂ ਸੰਭਾਵੀ ਉਮੀਦਵਾਰਾਂ ਵਿੱਚ ਸ਼ਾਮਲ ਹਨ। ਪਾਰਟੀ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਸ ਅਹੁਦੇ ਦੀ ਦੌੜ ਦੌਰਾਨ ਉਨ੍ਹਾਂ ਵੱਲੋਂ ਪ੍ਰੋਵਿੰਸ ਭਰ ਵਿੱਚ ਪੰਜ ਡਿਬੇਟਸ ਕਰਵਾਈਆਂ ਜਾਣਗੀਆਂ। ਲਿਬਰਲਾਂ ਨੇ ਆਖਿਆ ਕਿ ਜਲਦ ਹੀ ਉਮੀਦਵਾਰਾਂ ਦੀ ਰਜਿਸਟ੍ਰੇਸ਼ਨ ਲਈ ਤਰੀਕ ਦਾ ਐਲਾਨ ਕਰ ਦਿੱਤਾ ਜਾਵੇਗਾ। ਇਸ ਲਈ ਡੈੱਡਲਾਈਨ 5 ਸਤੰਬਰ ਰੱਖੀ ਗਈ ਹੈ ਤੇ ਉਮੀਦਵਾਰਾਂ ਨੂੰ ਐਂਟਰੀ ਫੀਸ ਦੇ ਰੂਪ ਵਿੱਚ 100,000 ਡਾਲਰ ਤੇ ਰਿਫੰਡੇਬਲ 25,000 ਡਾਲਰ ਦਾ ਡਿਪਾਜ਼ਿਟ ਜਮ੍ਹਾਂ ਕਰਵਾਉਣਾ ਹੋਵੇਗਾ।

ਪਾਰਟੀ ਪ੍ਰੈਜ਼ੀਡੈਂਟ ਕੈਥਰੀਨ ਮੈਕਗੈਰੀ ਨੇ ਇੱਕ ਬਿਆਨ ਵਿੱਚ ਆਖਿਆ ਕਿ ਸਾਡੇ ਅਗਲੇ ਆਗੂ ਦੀ ਚੋਣ ਨਾਲ ਹੀ ਅਸੀਂ ਸਫਲ ਮੁਹਿੰਮ ਲਈ ਰਾਹ ਪੱਧਰਾ ਕਰਾਂਗੇ ਤੇ ਪ੍ਰੀਮੀਅਰ ਵਜੋਂ ਡੱਗ ਫੋਰਡ ਦੀ ਸੱਤਾ ਨੂੰ ਖ਼ਤਮ ਕਰਕੇ ਹੀ ਸਾਹ ਲਵਾਂਗੇ।

## ਅੱਜ ਨਾਮਾ

ਕੇਜਰੀਵਾਲ ਨੂੰ ਪੇਸ਼ੀ ਲਈ ਭੇਜ ਫਤਵਾ,
ਏਜੰਸੀ ਲਿਆਅਚਾਨਕਸੀ ਸੱਦ ਬੇਲੀ।
ਘੰਟਿਆਂ-ਬੱਧੀ ਪੜਤਾਲ ਫਿਰ ਰਹੀ ਹੁੰਦੀ,
ਏਜੰਡੇ ਉੱਤੇ ਐਕਸਾਈਜ਼ ਦੀ ਮੱਦ ਬੇਲੀ।
ਆਖਦੇ ਕਈ ਕਿ ਵਾਧੂ ਦੀ ਪਈ ਗੁੰਝਲ,
ਸਿਆਸੀਕਿੜਾਂ ਦੀ ਹੋਈ ਹੈ ਹੱਦ ਬੇਲੀ।
ਦੂਸਰੇਕਹਿਣ ਕਿ ਫਰਕ ਨਾਪੈਣ ਵਾਲਾ,
ਵਧ ਜਾਊ ਹੋਰ ਉਹਦਾ ਸਗੋਂਕੱਦ ਬੇਲੀ।
ਸਾਰੇ ਮੁਲਕ ਦੀ ਦਿੱਲੀ ਵੱਲ ਨਜ਼ਰ ਲੱਗੀ,
ਪਲ ਪਲ ਪੁੱਛਦੇ ਲੋਕ ਕਈ ਖਬਰ ਬੇਲੀ।
ਹਮਾਇਤੀ ਉਹਦੇ ਜਾਂਕੋਈ ਵਿਰੋਧ ਵਾਲੇ,
ਬਿਨਾਂ ਖਬਰ ਨਹੀਂ ਕਿਸੇ ਨੂੰ ਸਬਰ ਬੇਲੀ।

**ਤੀਸ ਮਾਰ ਖਾਂ**

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਨਰਸਿਮਹਾ ਰਾਓ ਵਰਗੇ ਲੀਡਰਾਂ ਨੂੰ ਵੀ ਭੁਗਤਣਾ ਪੈ ਚੁੱਕੈ ਭ੍ਰਿਸ਼ਟਾਚਾਰ ਦੇ ਕੇਸਾਂ ਦੀ ਜਾਂਚ ਦਾ ਸਿਲਸਿਲਾ



ਜਤਿੰਦਰ ਪੰਨੂ

ਪਾਠਕਾਂ ਲਈ ਇਹ ਲਿਖਤ ਲਿਖਣ ਵੇਲੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਿਜੀਲੈਂਸ ਜਾਂਚ ਦੇ ਸੰਬੰਧ ਵਿੱਚ ਕਈ ਘੰਟਿਆਂ ਦੀ ਇੱਕ ਪੇਸ਼ੀ ਭੁਗਤ ਚੁੱਕੇ ਹਨ। ਅੱਗੋਂ ਹੋਰ ਪੇਸ਼ੀਆਂ ਦੀ ਭੁਗਤਣ ਦੀ ਨੌਬਤ ਆ ਸਕਦੀ ਹੈ, ਸਗੋਂ ਇਹ ਕਹਿਣਾ ਵੱਧ ਠੀਕ ਹੋਵੇਗਾ ਕਿ ਆਉਣੀ ਹੀ ਆਉਣੀ ਹੈ। ਜਦੋਂ ਚਰਨਜੀਤ ਸਿੰਘ ਚੰਨੀ ਵਿਜੀਲੈਂਸ ਬਿਊਰੋ ਦੇ ਦਫਤਰ ਵਿੱਚ ਸਵਾਲਾਂ ਦਾ ਸਾਹਮਣਾ ਕਰਦਾ ਪਿਆ ਸੀ, ਐਨ ਓਸੇ ਵੇਲੇ ਇਹ ਖਬਰ ਵੀ ਆ ਗਈ ਕਿ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਇੱਕ ਕੇਂਦਰੀ ਏਜੰਸੀ ਨੇ ਦਿੱਲੀ ਦੀ ਐਕਸਾਈਜ਼ ਨੀਤੀ ਦੇ ਕੇਸ ਵਿੱਚ ਜਾਂਚ ਕਰਨ ਦੇ ਲਈ ਸੰਮਨ ਭੇਜ ਦਿੱਤਾ ਹੈ। ਦੋਵਾਂ ਕੇਸਾਂ ਵਿੱਚ ਦੋਵਾਂ ਧਿਰਾਂ ਦਾ ਪ੍ਰਤੀਕਰਮ ਮਿਲਦਾ-ਜੁਲਦਾ ਹੈ। ਪੰਜਾਬ ਵਿੱਚ ਚਰਨਜੀਤ ਸਿੰਘ ਚੰਨੀ ਤੇ ਉਸ ਦੀ ਪਾਰਟੀ ਨੇ ਆਖਿਆ ਹੈ ਕਿ ਚੰਨੀ ਦੇ ਭਾਸ਼ਣ ਅਤੇ ਪ੍ਰੈੱਸ ਕਾਨਫਰੰਸ ਕਰਨ ਤੋਂ ਘਬਰਾ ਕੇ ਪੰਜਾਬ ਸਰਕਾਰ ਨੇ ਹੁਕਮ ਦੇ ਕੇ ਵਿਜੀਲੈਂਸ ਤੋਂ ਚੰਨੀ ਦੀ ਪੇਸ਼ੀ ਕਰਵਾਈ ਹੈ। ਦਿੱਲੀ ਦੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਕਹਿੰਦੇ ਹਨ ਕਿ ਪਿਛਲੇ ਦਿਨੀਂ ਦਿੱਲੀ ਅਸੈਂਬਲੀ ਵਿੱਚ ਅਰਵਿੰਦ ਕੇਜਰੀਵਾਲ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਖਿਲਾਫ ਕੀਤੇ ਭਾਸ਼ਣ ਤੋਂ ਘਬਰਾ ਕੇ ਕੇਂਦਰ ਸਰਕਾਰ ਨੇ ਜਾਂਚ ਏਜੰਸੀ ਤੋਂ ਉਸ ਨੂੰ ਸੰਮਨ ਭਿਜਵਾਇਆ ਹੈ। ਦੋਵਾਂ ਦੇ ਪ੍ਰਤੀਕਰਮ ਦੇ ਇਲਾਵਾ ਇੱਕ ਵੱਖਰੀ ਗੱਲ ਚਰਨਜੀਤ ਸਿੰਘ ਚੰਨੀ ਨੇ ਇਹ ਕਹੀ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਦਲਿਤ ਵਿਰੋਧੀ ਹੋਣ ਕਾਰਨਰਾਜ ਦੇ ਪਹਿਲੇ ਦਲਿਤ ਮੁੱਖ ਮੰਤਰੀ ਚੰਨੀ ਨੂੰ ਪਰੇਸ਼ਾਨ ਕਰ ਰਹੀ ਹੈ। ਉਹ ਇਹ ਗੱਲ ਭੁੱਲ ਗਏ ਕਿ ਓਸੇ ਕਾਂਗਰਸ ਪਾਰਟੀ ਦੇ ਆਗੂ ਅਤੇ ਸਾਬਕਾ ਡਿਪਟੀ ਮੁੱਖ ਮੰਤਰੀ ਓਮ ਪ੍ਰਕਾਸ਼ ਸੋਨੀ ਦੀ ਵੀ ਪੁੱਛਗਿੱਛ ਕੀਤੀ ਗਈ ਹੈ, ਭਾਰਤ ਭੂਸ਼ਣ ਆਸ਼ੂ ਤੇ ਸੁੰਦਰ ਸ਼ਾਮ ਅਰੋੜਾ ਦੋ ਸਾਬਕਾ ਮੰਤਰੀਆਂ ਨੂੰ ਜੇਲ੍ਹ ਭੇਜਿਆ ਗਿਆ ਸੀ, ਉਨ੍ਹਾਂ ਤਿੰਨਾਂ ਵਿੱਚੋਂ ਕੋਈ ਦਲਿਤ ਨਹੀਂ ਸੀ, ਫਿਰ ਚੰਨੀ ਦੀ ਵਾਰੀ ਦਲਿਤ ਵਾਲੀਗੱਲ ਕਿੱਦਾਂ ਠੀਕ ਹੋ ਗਈ? ਏਦਾਂ ਦੀ ਬਿਆਨਬਾਜ਼ੀ ਕਰਨ ਦਾ ਕਿਸੇ ਨੂੰ ਵੀ ਹੱਕ ਹੋ ਸਕਦਾ ਹੈ, ਪਰ ਹਕੀਕਤਾਂ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ।

ਹਕੀਕਤ ਇਹ ਹੈ ਕਿ ਇਸ ਜਾਂਚ ਲਈ ਸੱਦੇ ਗਏ ਚਰਨਜੀਤ ਸਿੰਘ ਚੰਨੀ ਜਾਂ ਫਿਰ ਅਰਵਿੰਦ ਕੇਜਰੀਵਾਲ ਪਹਿਲੇ ਮੌਜੂਦਾ ਜਾਂ ਸਾਬਕਾ ਮੁੱਖ ਮੰਤਰੀ ਨਹੀਂ ਹਨ ਅਤੇ ਇਹ ਦੋਵੇਂ ਆਖਰੀ ਵੀ ਨਹੀਂ ਹੋਣੇ, ਕਈ ਹੋਰ ਆਗੂਆਂ ਦੇ ਗਲ਼ ਰੱਸਾ ਵੀ ਪੈ ਸਕਦਾ ਹੈ।ਭਾਰਤ ਵਿੱਚ ਇਹ ਖੇਡ ਬੜੇ ਚਿਰਾਂ ਤੋਂ ਚੱਲ ਰਹੀ ਹੈ। ਕਦੀ ਤਾਮਿਲ ਨਾਡੂ ਵਿੱਚ ਸਾਬਕਾ ਮੁੱਖ ਮੰਤਰੀ ਜੈਲਲਿਤਾ ਨੂੰ ਜਾਂਚ ਦਾ ਸਾਹਮਣਾ ਕਰਨਾ ਪਿਆ ਤੇ ਜਦੋਂ ਸਰਕਾਰ ਬਦਲੀ ਤੇ ਉਹ ਮੁੱਖ ਮੰਤਰੀ ਬਣੀ ਤਾਂ ਰਾਜ ਸੁਖ ਮਾਣ ਚੁੱਕੇ ਉਸ ਦੇ ਵਿਰੋਧੀ ਆਗੂ ਕੇ. ਕਰੁਣਾਨਿਧੀ ਨੂੰ ਏਸੇ ਤਰ੍ਹਾਂ ਦੀ ਜਾਂਚ ਵਿੱਚੋਂ ਲੰਘਣਾ ਪਿਆ ਸੀ। ਉੱਤਰ ਪ੍ਰਦੇਸ਼ ਦੀ ਮੁੱਖ ਮੰਤਰੀ ਰਹਿ ਚੁੱਕੀ ਬਹੁਜਨ ਸਮਾਜ ਪਾਰਟੀ ਦੀ ਆਗੂ ਬੀਬੀ ਮਾਇਆਵਤੀ ਉੱਤੇ ਵੀ ਕੇਸ ਬਣੇ ਸਨ ਅਤੇ ਹਰਿਆਣੇ ਦੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਉੱਤੇ ਸਿਰਫ ਕੇਸ ਨਹੀਂ ਸਨ ਬਣੇ, ਉਸ ਨੂੰ ਸਜ਼ਾ ਹੋਈ ਅਤੇ ਦਸ ਸਾਲ ਜੇਲ੍ਹ ਵਿੱਚ ਕੱਟਣੇ ਪਏ ਸਨ। ਫਿਰ ਓਸੇ ਹਰਿਆਣੇ ਵਿੱਚ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁਡਾ ਦੇ ਖਿਲਾਫ ਜਾਂਚ ਕਰਨ ਦਾ ਚੱਕਰ ਚੱਲਿਆ ਸੀ। ਜੰਮੂ-ਕਸ਼ਮੀਰ ਵਿੱਚ ਸਾਬਕਾ ਮੁੱਖ ਮੰਤਰੀਫਾਰੂਕ ਅਬਦੁੱਲਾ ਤੇ ਬਾਅਦ ਵਿੱਚ ਉਸ ਦਾ ਪੁੱਤਰ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਵੀ ਇਸੇ ਪ੍ਰਕਿਰਿਆ ਵਿੱਚੋਂ ਲੰਘੇ ਸਨ ਤੇ ਉਨ੍ਹਾਂ ਦੀ ਵਿਰੋਧੀ ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਨਾਲ ਵੀ ਏਦਾਂ ਹੀਹੋਇਆ ਹੈ। ਬਿਹਾਰ ਦਾ ਮੁੱਖ ਮੰਤਰੀ ਹੁੰਦੇ ਹੋਏ ਲਾਲੂ ਪ੍ਰਸਾਦ ਯਾਦਵ ਤੇ ਹਿਮਾਚਲ ਪ੍ਰਦੇਸ਼ ਵਿੱਚ ਮੁੱਖ ਮੰਤਰੀ ਹੁੰਦੇ ਹੋਏ ਵੀਰਭੱਦਰ ਸਿੰਘ ਨੂੰ ਏਹੋ ਜਿਹੀ ਜਾਂਚ ਲਈ ਪੇਸ਼ ਹੋਣਾ ਪਿਆ ਸੀ ਤੇ ਲਾਲੂ ਪ੍ਰਸਾਦ ਨੂੰ ਬਾਅਦ ਵਿੱਚ ਓਮ ਪ੍ਰਕਾਸ਼ ਚੌਟਾਲੇ ਅਤੇ ਜੈਲਲਿਤਾ ਵਾਂਗ ਸਜ਼ਾ ਕੱਟਣੀ ਪਈ ਸੀ। ਦੱਖਣ ਭਾਰਤ ਵਿੱਚ ਭਾਜਪਾ ਦੀਆਂ ਜੜ੍ਹਾਂ ਲਾਉਣ ਵਾਲੇ ਯੇਦੀਯੁਰੱਪਾ ਖਿਲਾਫ ਉਸ ਦੇ ਆਪਣੇ ਨਿਯੁਕਤ ਕੀਤੇਲੋਕਾਯੁਕਤ ਜਸਟਿਸ ਸੰਤੋਸ਼ ਹੇਗੜੇ ਨੇ ਜਾਂਚ ਕਰਵਾਈ ਤੇ ਫਿਰ ਯੇਦੀਯੁਰੱਪਾ ਨੂੰ ਜੇਲ੍ਹ ਵੀ ਜਾਣਾ ਪਿਆ ਸੀ। ਇਹੋ ਜਿਹੀ ਜਾਂਚ ਕਈ ਹੋਰ ਮੌਜੂਦਾ ਅਤੇ ਸਾਬਕਾ ਮੁੱਖ ਮੰਤਰੀਆਂ ਨੂੰ ਵੀ ਭੁਗਤਣੀ ਪੈ ਚੁੱਕੀ ਹੈ, ਜਿਨ੍ਹਾਂ ਵਿੱਚ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਜਾਂ ਸਾਬਕਾ ਮੁੱਖ ਮੰਤਰੀ ਰਾਜਿੰਦਰ ਕੌਰ ਭੱਠਲ ਵੀ ਸ਼ਾਮਲ ਹਨ। ਇਹ ਭਾਰਤੀ ਰਾਜਨੀਤੀ ਵਿੱਚ ਅੱਜ ਆਮ ਵਰਤਾਰਾ ਬਣ ਚੁੱਕਾ ਹੈ, ਦਲਿਤ ਜਾਂ ਗੈਰ-ਦਲਿਤ ਦਾ ਮੁੱਦਾ ਕੋਈ ਨਹੀਂ ਰਹਿ ਗਿਆ।

ਦੂਸਰੇ ਪਾਸੇ ਅਲੋਕਾਰ ਗੱਲ ਇਹ ਹੈ ਕਿ ਭਾਰਤ ਦਾ ਪ੍ਰਧਾਨ ਮੰਤਰੀ ਰਹਿ ਚੁੱਕੇ ਪੀ ਵੀ ਨਰਸਿਮਹਾ ਰਾਓ ਨੂੰ ਨਾ ਸਿਰਫ ਜਾਂਚ ਲਈ ਪੇਸ਼ ਹੋਣਾ ਪਿਆ, ਸਗੋਂ ਬਾਅਦ ਵਿੱਚ ਉਸ ਨੂੰ ਜੇਲ੍ਹ ਵੀ ਜਾਣਾ ਪਿਆ ਸੀ। ਉਹ ਵੀ ਕਾਂਗਰਸ ਆਗੂ ਸੀ, ਓਸੇ ਕਾਂਗਰਸ ਦਾ ਆਗੂ, ਜਿਸ ਨੇ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਵਾਲਾ ਮਾਣ ਬਖਸ਼ਿਆ ਸੀ। ਨਰਸਿਮਹਾ ਰਾਓ ਉੱਤੇ ਵੀ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਹੋਣ ਦਾ ਦੋਸ਼ ਲੱਗਾ ਸੀ ਅਤੇ ਉਹ ਕੇਸ ਅੱਜ ਵਾਲੇ ਸਾਰੇ ਕੇਸਾਂ ਤੋਂ ਵਿਲੱਖਣ ਸੀ। ਮੁੱਢਲਾ ਕੇਸ ਨਰਸਿਮਹਾ ਰਾਓ ਦੇ ਖਿਲਾਫ ਨਹੀਂ, ਉਸ ਨਾਲ ਨੇੜ ਵਾਲੇ ਚਰਚਿਤ ਸਾਧ ਚੰਦਰਾ ਸਵਾਮੀ ਦੇ ਖਿਲਾਫ ਸੀ ਕਿ ਉਸ ਨੇ ਇੱਕ ਪ੍ਰਵਾਸੀ ਭਾਰਤੀ ਲੱਖੂਭਾਈ ਪਾਠਕ ਤੋਂ ਕੋਈ ਵੱਡਾ ਪ੍ਰਾਜੈਕਟ ਪਾਸ ਕਰਾਉਣ ਦੀਇੱਕ ਲੱਖ ਡਾਲਰ ਰਿਸ਼ਵਤ ਲਈ ਸੀ। ਬਹਿਸ ਵਿੱਚ ਅਦਾਲਤ ਵਿੱਚ ਲੱਖੂਭਾਈ ਨੇ ਕਿਹਾ ਕਿ ਉਸ ਨੂੰ ਚੰਦਰਾ ਸਵਾਮੀ ਨੇ ਇਸ ਕੰਮ ਵਾਸਤੇ ਅਮਰੀਕਾ ਦੇ ਇੱਕ ਹੋਟਲ ਵਿੱਚ ਬੁਲਾਇਆ ਅਤੇ ਚਾਰ-ਪੰਜ ਲੱਖ ਡਾਲਰ ਦੇਣ ਦੀ ਗੱਲ ਕਹੀ ਸੀ, ਪਰ ਉਹ ਮਸਾਂ ਇੱਕ ਲੱਖ ਦੇਣਾ ਮੰਨਦਾ ਸੀ। ਅਗਲੇ ਦਿਨ ਫਿਰ ਸੱਦਿਆ ਤਾਂ ਚੰਦਰਾ ਸਵਾਮੀ ਦੇ ਕਮਰੇ ਵਿੱਚੋਂ ਇੱਕ ਵਿਅਕਤੀ ਨਿਕਲਿਆ ਤੇ ਸਵਾਮੀ ਨੇ ਦੱਸਿਆ ਕਿ ਇਹ ਇੰਦਰਾ ਗਾਂਧੀ ਦੀ ਭਾਰਤ ਸਰਕਾਰ ਦਾ ਮੰਤਰੀ ਹੈ ਅਤੇ ਇਸ ਦਾ ਨਾਂਅ ਪੀ ਵੀ ਨਰਸਿਮਹਾ ਰਾਓ ਹੈ। ਓਦੋਂ ਨਰਸਿਮਹਾ ਰਾਓ ਨੇ ਕਿਹਾ ਸੀ ਕਿ ਉਸ ਨੂੰ ਚੰਦਰਾ ਸਵਾਮੀ ਨੇ ਸਾਰੀ ਗੱਲ ਦੱਸ ਦਿੱਤੀ ਹੈ ਤੇ ਸਾਰਾ ਕੰਮ ਹੋ ਜਾਵੇਗਾ। ਬਦਲੇ ਵਿੱਚ ਉਸ ਨੇ ਚੰਦਰਾ ਸਵਾਮੀ ਨੂੰ ਦੋ ਕਿਸ਼ਤਾਂ ਵਿੱਚ ਇੱਕ ਲੱਖ ਤੀਹ ਹਜ਼ਾਰ ਡਾਲਰ ਦਿੱਤੇ ਸਨ। ਜਦੋਂ ਇਹ ਕਿਹਾ ਗਿਆ ਤਾਂ ਇੱਕ ਵਕੀਲ ਨੇ ਲੱਖੂਭਾਈ ਨੂੰ ਪੁੱਛਿਆ ਕਿ ਉਹ ਜੀਵਨ ਵਿੱਚ ਪਹਿਲਾਂ ਕਿਸੇ ਮੰਤਰੀ ਨੂੰ ਮਿਲਿਆ ਸੀ? ਅੱਗੋਂ ਲੱਖੂਭਾਈ ਨੇ ਕਿਹਾ ਕਿ ਉਹ ਤਾਂ ਕਈ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ ਤੇ ਰਾਸ਼ਟਰਪਤੀਆਂ ਜਾਂ ਰਾਜਿਆਂ ਤੱਕ ਨੂੰ ਮਿਲ ਚੁੱਕਾ ਸੀ। ਉਸ ਨੂੰ ਪੁੱਛਿਆ ਗਿਆ ਕਿ ਫਿਰ ਉਸ ਨੇ ਇਸ ਸਵਾਮੀ ਨੂੰ ਏਨੇ ਪੈਸੇ ਕਿਉਂ ਦਿੱਤੇ ਤਾਂ ਉਸ ਨੇ ਕਿਹਾ ਕਿ ਉਸ ਨੂੰ ਭਾਰਤ ਦੇ ਕੇਂਦਰੀ ਮੰਤਰੀ ਨਰਸਿਮਹਾ ਰਾਓ ਨੇ ਦੇਣ ਨੂੰ ਕਿਹਾ ਸੀ। ਜੱਜ ਨੇ ਕਿਹਾ ਕਿ ਸਾਰਾ ਕੇਸ ਏਥੇ ਸਿਰੇ ਲੱਗ ਗਿਆ ਸਮਝਣਾ ਚਾਹੀਦਾ ਹੈ। ਇੱਕ ਵਕੀਲ ਨੇ ਉੱਠ ਕੇ ਕਿਹਾ ਕਿ ਕੇਸ ਸਿਰੇ ਨਹੀਂ ਲੱਗਦਾ, ਸਗੋਂ ਏਥੋਂ ਇੱਕ ਕੇਸ ਹੋਰ ਸਿਰ ਚੁੱਕ ਖੜੋਤਾ ਹੈ। ਇਸ ਬੰਦੇ ਨੇ ਕਿਹਾ ਹੈ ਕਿ ਉਸ ਨੇ ਨਰਸਿਮਹਾ ਰਾਓ ਦੇ ਆਖੇ ਲੱਗ ਕੇ ਪੈਸੇ ਦਿੱਤੇ ਸਨ ਅਤੇ ਇਸ ਨਾਲ ਦੇਸ਼ ਦੇ ਪ੍ਰਧਾਨ ਮੰਤਰੀ ਨਰਸਿਮਹਾ ਰਾਓ ਉੱਤੇ ਦਲਾਲੀ ਦਾ ਦੋਸ਼ ਬਣਦਾ ਹੈ। ਅਦਾਲਤ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਨਰਸਿਮਹਾ ਰਾਓ ਦੇ ਖਿਲਾਫ ਕੇਸ ਦਰਜ ਕਰਨ ਅਤੇ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਦਾ ਹੁਕਮ ਦੇਣਾ ਪੈ ਗਿਆ ਸੀ। ਉਸ ਕੇਸ ਨੂੰ ਰੱਦ ਕਰਾਉਣ ਲਈ ਨਰਸਿਮਹਾ ਰਾਓ ਨੇ ਹਾਈ ਕੋਰਟ ਵਿੱਚ ਅਪੀਲ ਕੀਤੀ ਤੇ ਕਪਿਲ ਸਿੱਬਲ ਵਰਗੇ ਪ੍ਰਸਿੱਧ ਵਕੀਲ ਪੈਰਵੀ ਕਰਨ ਪਹੁੰਚੇ, ਪਰ ਕੇਸ ਰੱਦ ਨਹੀਂ ਸੀ ਹੋਇਆ। ਸੁਪਰੀਮ ਕੋਰਟ ਵਿੱਚ ਵੀ ਇਹ ਕੇਸ ਰੱਦ ਨਹੀਂ ਸੀ ਹੋਇਆ ਤੇ ਬਾਅਦ ਵਿੱਚ ਦੇਸ਼ ਦਾ ਪ੍ਰਧਾਨ ਮੰਤਰੀ ਰਹਿ ਚੁੱਕੇਨਰਸਿਮਹਾ ਰਾਓ ਨੂੰ ਜੇਲ੍ਹ ਜਾਣਾ ਪੈ ਗਿਆ ਸੀ। ਇਸ ਕੌੜੇ ਤਜਰਬੇ ਵੇਲੇ ਚਰਨਜੀਤ ਸਿੰਘ ਚੰਨੀ ਹਾਲੇ ਤੱਕ ਖਰੜ ਦੀ ਨਗਰ ਪਾਲਿਕਾ ਦਾ ਮੈਂਬਰ ਹੁੰਦਾ ਸੀ।

ਜਿਸ ਦੇਸ਼ ਵਿੱਚ ਇੱਕ ਪ੍ਰਧਾਨ ਮੰਤਰੀ ਰਹਿ ਚੁੱਕੇ ਸੀਨੀਅਰ ਆਗੂ ਨੂੰ ਭ੍ਰਿਸ਼ਟਾਚਾਰ ਦੇ ਕੇਸ ਦੀ ਦਲਾਲੀ ਦੇ ਦੋਸ਼ ਵਿੱਚ ਜੇਲ੍ਹ ਜਾਣਾ ਪਿਆ ਹੋਵੇ, ਤਿੰਨ ਆਗੂਆਂ ਨੂੰ ਮੁੱਖ ਮੰਤਰੀ ਹੁੰਦਿਆਂ ਜਾਂਚ ਦਾ ਸਾਹਮਣਾ ਹੋ ਚੁੱਕਾ ਹੋਵੇ ਤੇ ਕਈ ਹੋਰ ਸਾਬਕਾ ਮੁੱਖ ਮੰਤਰੀ ਏਦਾਂ ਦੀ ਜਾਂਚ ਲਈ ਪੇਸ਼ ਹੁੰਦੇ ਰਹੇ ਹੋਣ, ਓਥੇ ਇਹ ਆਮ ਗੱਲ ਹੈ। ਉਰਦੂ ਦਾ ਸ਼ੇਅਰ ਹੈ: 'ਤਪੋਂ ਰਾਜ ਲਿਆ ਜਿਸ ਨੇ, ਰਾਜੋਂ ਨਰਕ ਮਿਲੇ ਉਸ ਨੂੰ, ਜਿਸ ਵੇਲੇ ਅੰਦਾਜ਼ ਉਸ ਦਾ ਸ਼ਾਹਾਨਾ ਹੋ ਜਾਂਦਾ ਹੈ' ਅਤੇ ਇਹ ਸ਼ੇਅਰ ਅੱਜ ਦੀ ਰਾਜਨੀਤੀ ਅਤੇ ਰਾਜਸੀ ਲੀਡਰਾਂ ਉੱਤੇ ਵੀ ਫਿੱਟ ਬੈਠ ਸਕਦਾ ਹੈ। ਜਿਹੜੇ ਮੌਜੂਦਾ ਅਤੇ ਸਾਬਕਾ ਮੁੱਖ ਮੰਤਰੀਆਂ ਜਾਂ ਕੇਂਦਰੀ ਮੰਤਰੀਆਂ ਨੂੰ ਅੱਜ ਏਦਾਂ ਦੀ ਕਿਸੇ ਜਾਂਚ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਹ ਸਾਰੇ ਬੇਈਮਾਨ ਨਹੀਂ ਕਹੇ ਜਾ ਸਕਦੇ, ਪਰ ਸੋਨਾ ਅਸਲੀ ਹੈ ਜਾਂ ਉਸ ਦੇ ਅੰਦਰ ਕੁਝ ਖੋਟ ਹੈ, ਇਸ ਦੀ ਪਰਖ ਦੇ ਲਈ ਘਸਵੱਟੀ ਉੱਤੇ ਚਾੜ੍ਹਨਾ ਪੈ ਜਾਂਦਾ ਹੈ। ਇਨ੍ਹਾਂ ਸਭਨਾਂ ਨੂੰ ਅਸੀਂ ਦੋਸ਼ੀ ਨਹੀਂ ਕਹਿ ਸਕਦੇ, ਪਰ ਦੇਸ਼ ਦੇ ਲੋਕਾਂ ਦੀ ਨਜਰ ਵਿੱਚ ਵੱਡਾ ਮੁੱਦਾ ਇਹ ਹੈ ਕਿ ਜੇ ਆਮ ਆਦਮੀ ਦੇ ਖਿਲਾਫ ਕੇਸ ਬਣੇ ਤਾਂ ਜਿਸ ਪੰਧ ਤੋਂ ਉਸ ਆਮ ਆਦਮੀ ਨੂੰ ਗੁਜ਼ਰਨਾ ਪੈਂਦਾ ਹੈ, ਲੋਕਾਂ ਦੀਆਂ ਵੋਟਾਂ ਨਾਲ 'ਵੱਡੇ' ਬਣਨ ਵਾਲੇ ਆਗੂਆਂ ਨੂੰ ਵੀ ਉਸ ਤੋਂ ਛੋਟ ਨਹੀਂ ਹੋਣੀ ਚਾਹੀਦੀ। ਦੇਸ਼ ਦਾ ਸੰਵਿਧਾਨ ਜਦੋਂ ਇਹ ਕਹਿੰਦਾ ਹੈ ਕਿ ਉਸ ਦੀ ਨਜ਼ਰ ਵਿੱਚ ਹਰ ਨਾਗਰਿਕ ਬਰਾਬਰ ਦਾ ਵਿਅਕਤੀ ਹੈ ਤਾਂ ਦੇਸ਼ ਦੇ ਲੀਡਰ ਹੋਰ ਕੁਝ ਬਾਅਦ ਵਿੱਚ, ਪਹਿਲਾਂ ਇਸ ਭਾਰਤ ਦੇਸ਼ ਦੇ 'ਨਾਗਰਿਕ' ਹਨ ਤੇ ਹਰ ਨਾਗਰਿਕ ਬਰਾਬਰ ਹੀ ਮੰਨਣਾ ਚਾਹੀਦਾ ਹੈ। ਇਹਚੇਤਾ ਸਿਰਫ ਸਾਬਕਾ ਆਗੂਆਂ ਨੂੰ ਰੱਖਣ ਦੀ ਲੋੜ ਨਹੀਂ, ਜਿਹੜੇ ਲੋਕ ਅੱਜ ਰਾਜ-ਸੁਖ ਮਾਣ ਰਹੇ ਹਨ ਤੇ ਰਾਜ ਬਖਸ਼ਣ ਵਾਲੇ ਲੋਕਾਂ ਦਾ ਚੇਤਾ ਭੁਲਾਈ ਫਿਰਦੇ ਹਨ, ਉਨ੍ਹਾਂ ਸਾਰਿਆਂ ਨੂੰ ਵੀ ਇਸ ਵਕਤ ਫਸੇ ਫਿਰਦੇ ਆਗੂਆਂ ਦੇ ਹਸ਼ਰ ਤੋਂ ਸਿੱਖਣਾ ਚਾਹੀਦਾ ਹੈ।

# ਫੈਸ਼ਨ ਡਿਜ਼ਾਈਨਿੰਗ ਕਰੀਅਰ ਦੀਆਂ ਵੱਡੀਆਂ ਸੰਭਾਵਨਾਵਾਂ ਦਾ ਖੇਤਰ

ਫੈਸ਼ਨ ਪਸੰਦ ਗਾਹਕਾਂ ਦੀ ਵੱਧਦੀ ਗਿਣਤੀ ਨੂੰ ਦੇਖਦਿਆਂ ਹੁਨਰਮੰਦ ਡਿਜ਼ਾਈਨਰਾਂ ਦੀ ਮੰਗ ਲਗਾਤਾਰ ਵੱਧ ਰਹੀ ਹੈ। ਕੁਆਲਿਟੀ ਦੇ ਨਾਲ-ਨਾਲ ਪ੍ਰੋਡਕਟ ਦੀ ਸੁੰਦਰਤਾ 'ਤੇ ਖ਼ਾਸ ਧਿਆਨ ਦਿੱਤੇ ਜਾਣ ਨਾਲ ਹਾਲ ਹੀ ਦੇ ਵਰ੍ਹਿਆਂ ਦੌਰਾਨ ਇਹ ਖੇਤਰ ਕਰੀਅਰ ਦੀਆਂ ਵੱਡੀਆਂ ਸੰਭਾਵਨਾਵਾਂ ਨਾਲ ਉੱਭਰ ਕੇ ਸਾਹਮਣੇ ਆਇਆ ਹੈ। ਪਿਛਲੇ ਕੁਝ ਸਾਲਾਂ ਤੋਂ ਸਿੱਖਿਆ ਦੇ ਖੇਤਰ 'ਚ ਵੱਡੀ ਤਬਦੀਲੀ ਆਈ ਹੈ। ਨੌਕਰੀਆਂ ਦੇ ਨਵੇਂ-ਨਵੇਂ ਮੌਕੇ ਸਾਹ-ਮਣੇ ਆ ਰਹੇ ਹਨ। ਇਸ ਲਈ ਹੁਣ ਉਹ ਦਿਨ ਗਏ, ਜਦੋਂ ਡਾਕਟਰ ਜਾਂ ਇੰਜੀਨੀਅਰ ਬਣਨਾ ਹੀ ਵਿਦਿਆਰਥੀਆਂ ਦਾ ਵੱਡਾ ਸੁਪਨਾ ਹੁੰਦਾ ਸੀ। ਅੱਜ ਹੋਣਹਾਰ ਬੱਚਿਆਂ ਕੋਲ ਕਰੀਅਰ ਦੇ ਬੇਸ਼ੁਮਾਰ ਮੌਕੇ ਹਨ ਤੇ ਇਹ ਸੰਭਵ ਹੋਇਆ ਹੈ ਨਵੀਂ ਪੀੜ੍ਹੀ ਲਈ ਤਕਨੀਕਾਂ ਨਾਲ। ਭੌਤਿਕ ਤੇ ਡਿਜੀਟਲ ਦੁਨੀਆ 'ਚ ਡਿਜ਼ਾਈਨ ਦਾ ਖੇਤਰ ਇਕ ਨਵੇਂ ਟਰੈਂਡ ਦੇ ਰੂਪ 'ਚ ਸਾਹਮਣੇ ਆਇਆ ਹੈ। ਇਹ ਉਨ੍ਹਾਂ ਨੌਜਵਾਨਾਂ ਲਈ ਮਹੱਤਵਪੂਰਨ ਹੈ, ਜੋ ਨਵਾਂ, ਵੱਖਰਾ ਸੋਚਣ ਤੇ ਕਰਨ ਦੇ ਚਾਹਵਾਨ ਹਨ। ਅਜੋਕੇ ਮੁਕਾਬਲੇ ਭਰੇ ਬਾਜ਼ਾਰ 'ਚ ਜਿੱਥੇ ਉਤਪਾਦ, ਪ੍ਰਣਾਲੀ ਤੇ ਸੇਵਾਵਾਂ ਲੋਕਾਂ ਦਾ ਧਿਆਨ ਆਪਣੇ ਵੱਲ ਆਕਰਸ਼ਿਤ ਕਰ ਰਹੀਆਂ ਹਨ। ਅਜਿਹੇ ਦੌਰ ਵਿਚ ਡਿਜ਼ਾਈਨ ਦਾ ਖੇਤਰ ਲੋਕਾਂ ਦਾ ਧਿਆਨ ਆਕਰਸ਼ਿਤ ਕਰਨ ਦਾ ਇਕ ਪ੍ਰਭਾਵਸ਼ਾਲੀ ਜ਼ਰੀਆ ਹੈ।

*ਦਿਲਚਸਪ ਕਰੀਅਰ*

ਡਿਜੀਟਲਾਈਜ਼ੇਸ਼ਨ ਦਾ ਪ੍ਰਭਾਵ ਸਾਰੇ ਕਾਰੋਬਾਰਾਂ 'ਚ ਮਹਿਸੂਸ ਕੀਤੇ ਜਾਣ ਦੇ ਨਾਲ-ਨਾਲ ਅੱਜ ਟਿਕਾਊ ਕਾਰੋਬਾਰੀ ਵਾਧੇ ਲਈ ਡਿਜ਼ਾਈਨ ਦਾ ਮਹੱਤਵ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮਹਿਸੂਸ ਕੀਤਾ ਜਾ ਰਿਹਾ ਹੈ। ਇਹੀ ਵਜ੍ਹਾ ਹੈ ਕਿ ਵੱਖ-ਵੱਖ ਖੇਤਰਾਂ 'ਚ ਕਰੀਅਰ ਦੇ ਦਿਲਚਸਪ ਮੌਕੇ ਉੱਭਰ ਕੇ ਸਾਹਮਣੇ ਆਏ ਹਨ, ਜਿਵੇਂ ਉਤਪਾਦਨ ਡਿਜ਼ਾਈਨ, ਟਰਾਂਸਪੋਰਟ ਡਿਜ਼ਾਈਨ, ਐਨੀਮੇਸ਼ਨ, ਏਆਰ-ਵੀਆਰ-ਐੱਮਆਰ ਡਿਜ਼ਾਈਨ, ਐਪ ਡਿਜ਼ਾਈਨ, ਰਿਟੇਲ ਡਿਜ਼ਾਈਨ, ਮਿਊਜ਼ੀਅਮ ਡਿਜ਼ਾਈਨ, ਫੈਸ਼ਨ ਮਾਰਕੀਟਿੰਗ ਤੇ ਫੈਸ਼ਨ ਡਿਜ਼ਾਈਨ ਆਦਿ। ਨੌਜਵਾਨਾਂ ਵੱਲੋਂ ਅਜਿਹੇ ਵਿਸ਼ਿਆਂ ਨੂੰ ਕਾਫ਼ੀ ਪਸੰਦ ਕੀਤਾ ਜਾ ਰਿਹਾ ਹੈ।

*ਤਨਖ਼ਾਹ*

ਡਿਜ਼ਾਈਨਿੰਗ 'ਚ ਸ਼ੁਰੂਆਤ ਤੋਂ ਹੀ ਨੌਜਵਾਨਾਂ ਨੂੰ ਆਕਰਸ਼ਕ ਸੈਲਰੀ ਮਿਲ ਰਹੀ ਹੈ। ਕਿਸੇ ਵੀ ਕੰਪਨੀ 'ਚ ਇਸ ਖੇਤਰ ਦੇ ਨਵੇਂ ਪ੍ਰੋਫੈਸ਼ਨਲਜ਼ ਨੂੰ ਇਨ੍ਹੀਂ ਦਿਨੀਂ 4 ਤੋਂ 6 ਲੱਖ ਰੁਪਏ ਸਾਲਾਨਾ ਤਕ ਦੇ ਪੈਕੇਜ ਆਫ਼ਰ ਹੋ ਰਹੇ ਹਨ।

*ਵਿੱਦਿਅਕ ਯੋਗਤਾ*

ਜੇ ਨੌਜਵਾਨ ਡਿਜ਼ਾਈਨ 'ਚ ਕਰੀਅਰ ਬਣਾਉਣਾ ਚਾਹੁੰਦੇ ਹਨ ਤਾਂ ਡਿਜ਼ਾਈਨ ਵਿਸ਼ੇ 'ਚ ਡਿਪਲੋਮਾ ਜਾਂ ਡਿਗਰੀ ਕਰ ਸਕਦੇ ਹੋ। ਨਾਮਵਰ ਸੰਸਥਾਵਾਂ 'ਚ ਡਿਜ਼ਾਈਨਿੰਗ ਕੋਰਸ 12ਵੀਂ ਤੋਂ ਬਾਅਦ ਕਰਵਾਇਆ ਜਾਂਦਾ ਹੈ, ਨਾਲ ਹੀ ਦਾਖ਼ਲੇ ਲਈ ਇਕ ਐਪਟੀਟਿਊਡ ਟੈਸਟ ਵੀ ਪਾਸ ਕਰਨਾ ਪੈਂਦਾ ਹੈ। ਜੇ ਤੁਸੀਂ ਫੈਸ਼ਨ ਡਿਜ਼ਾਈਨ, ਉਦਯੋਗਿਕ ਡਿਜ਼ਾਈਨ, ਇੰਟੀਰੀਅਰ ਡਿਜ਼ਾਈਨ, ਕਮਿਊਨੀਕੇਸ਼ਨ ਡਿਜ਼ਾਈਨ, ਗ੍ਰਾਫਿਕ ਡਿਜ਼ਾਈਨ ਆਦਿ ਕੋਰਸ ਕਰਨਾ ਚਾਹੁੰਦੇ ਹੋ ਤਾਂ ਸਟ੍ਰੀਮ ਦੀ ਕੋਈ ਰੁਕਾਵਟ ਨਹੀਂ ਹੈ।

*ਡਿਜ਼ਾਈਨ 'ਚ ਉੱਭਰਦੇ ਖੇਤਰ*

*ਫੈਸ਼ਨ ਡਿਜ਼ਾਈਨ*

ਡਿਜ਼ਾਈਨ ਦੀ ਦੁਨੀਆ 'ਚ ਇਸ ਨੂੰ ਸਭ ਤੋਂ ਪਸੰਦੀਦਾ ਖੇਤਰ ਮੰਨਿਆ ਜਾਂਦਾ ਹੈ। ਡਿਜ਼ਾਈਨ ਦੇ ਇਸ ਖੇਤਰ 'ਚ ਖ਼ਾਸ ਤੌਰ 'ਤੇ ਭਾਰਤ 'ਚ ਬਹੁਤ ਸਾਰੀਆਂ ਸੰਭਾਵਨਾਵਾਂ ਹਨ। ਇਹ ਉਨ੍ਹਾਂ ਲੋਕਾਂ ਦੀ ਪਹਿਲੀ ਪਸੰਦ ਹੈ, ਜੋ ਫੈਸ਼ਨ ਨਾਲ ਜੁੜੇ ਵੱਖ-ਵੱਖ ਖੇਤਰਾਂ ਜਿਵੇਂ ਚਮੜਾ, ਨਿੱਟਵੀਅਰ ਫੈਬਰਿਕ ਰਿਸਰਚ ਐਂਡ ਡਿਵੈਲਪਮੈਂਟ ਜਾਂ ਫੈਸ਼ਨ ਕਮਿਊਨੀਕੇਸ਼ਨ ਆਦਿ 'ਚ ਤਜਰਬਾ ਹਾਸਿਲ ਕਰਨਾ ਚਾਹੁੰਦੇ ਹਨ।

ਇਸ ਖੇਤਰ 'ਚ ਮੁਹਾਰਤ ਪ੍ਰਾਪਤ ਕਰ ਕੇ ਐਕਸਪੋਰਟ ਹਾਊਸ, ਫੈਸ਼ਨ ਮੀਡੀਆ, ਟੈਕਸਟਾਈਲ ਮਿੱਲ, ਬੁਟੀਕ, ਡਿਜ਼ਾਈਨ ਹਾਊਸ ਤੇ ਸਟੂਡੀਓ, ਗਾਰਮੈਂਟ ਮੈਨੂਫੈਕਚਰਿੰਗ ਯੂਨਿਟ ਜਾਂ ਫੈਸ਼ਨ ਈਵੈਂਟ ਮੈਨੇਜਮੈਂਟ 'ਚ ਨੌਕਰੀ ਹਾਸਿਲ ਕੀਤੀ ਜਾ ਸਕਦੀ ਹੈ। ਇਸ ਖੇਤਰ ਦਾ ਤਜਰਬਾ ਹੋਣ ਤੋਂ ਬਾਅਦ ਤੁਸੀਂ ਆਪਣਾ ਖ਼ੁਦ ਦਾ ਲੇਬਲ ਲਾਂਚ ਕਰ ਸਕਦੇ ਹੋ।

*ਉਦਯੋਗਿਕ ਡਿਜ਼ਾਈਨ*

ਡਿਜ਼ਾਈਨ ਦੇ ਇਸ ਖੇਤਰ 'ਚ ਉਦਯੋਗਿਕ ਉਤਪਾਦਾਂ ਦਾ ਵਿਆਪਕ ਰੇਂਜ ਦੀ ਡਿਜ਼ਾਈਨਿੰਗ 'ਤੇ ਫੋਕਸ ਕੀਤਾ ਜਾਂਦਾ ਹੈ, ਜਿਸ 'ਚ ਉਪਭੋਗਤਾ ਦੀ ਸਮੱਗਰੀ ਤੋਂ ਲੈ ਕੇ ਆਵਾਜਾਈ ਤੇ ਫਰਨੀਚਰ, ਲਾਈਫਸਟਾਈਲ ਉਪਕਰਨ ਆਦਿ ਡਿਜ਼ਾਈਨ ਕੀਤੇ ਜਾਂਦੇ ਹਨ।

*ਕਮਿਊਨੀਕੇਸ਼ਨ ਡਿਜ਼ਾਈਨ*

ਡਿਜ਼ਾਈਨ ਦਾ ਇਹ ਖੇਤਰ ਮਲਟੀ ਮੀਡੀਆ ਆਰਟ, ਐਨੀਮੇਸ਼ਨ ਜਾਂ ਗ੍ਰਾਫਿਕ ਡਿਜ਼ਾਈਨ ਜ਼ਰੀਏ ਇਕ ਜ਼ਬਰਦਸਤ ਬ੍ਰਾਂਡ ਦਾ ਸੁਨੇਹਾ ਦੇਣ ਦੀ ਕਲਾ ਸਿਖਾਉਂਦਾ ਹੈ। ਇੰਸਟਰੱਕਸ਼ਨਲ ਡਿਜ਼ਾਈਨ, ਕ੍ਰਿਏਟਿਵ ਡਾਇਰੈਕਸ਼ਨ, ਫੈਸ਼ਨ ਕਮਿਊਨੀਕੇਸ਼ਨ ਅਤੇ ਮਾਰਕੀਟਿੰਗ ਕਮਿਊਨੀਕੇਸ਼ਨ ਦੇ ਖੇਤਰਾਂ 'ਚ ਅੱਜ-ਕੱਲ੍ਹ ਕਮਿਊਨੀਕੇਸ਼ਨ ਡਿਜ਼ਾਈਨਰਾਂ ਦੀ ਭਾਰੀ ਮੰਗ ਹੈ।

*ਇੰਟੀਰੀਅਰ ਡਿਜ਼ਾਈਨ*

ਇੰਟੀਰੀਅਰ ਡਿਜ਼ਾਈਨ 'ਚ ਥਾਂ ਦੀ ਡਿਜ਼ਾਈਨਿੰਗ ਕੀਤੀ ਜਾਂਦੀ ਹੈ। ਭਾਰਤ 'ਚ ਕਰੀਅਰ ਦੇ ਤੌਰ 'ਤੇ ਇਹ ਖੇਤਰ ਤੇਜ਼ੀ ਨਾਲ ਉੱਭਰ ਰਿਹਾ ਹੈ। ਰਿਅਲ ਅਸਟੇਟ ਕੰਪਨੀਆਂ, ਹਵਾਈ ਅੱਡਿਆਂ, ਕਰੂਜ਼ਸ਼ਿਪ, ਟੀਵੀ ਸਟੂਡੀਓ, ਰਿਅਲਟੀ ਸ਼ੋਅ, ਕੈਫੇ, ਸ਼ਾਪਿੰਗ ਮਾਲਜ਼ ਆਦਿ 'ਚ ਇਨ੍ਹੀਂ ਦਿਨੀਂ ਇੰਟੀਰੀਅਰ ਡੈਕੋਰੇਟਰਜ਼ ਦੀ ਕਾਫ਼ੀ ਮੰਗ ਦੇਖੀ ਜਾ ਰਹੀ ਹੈ।

*ਮਾਹਿਰ ਡਿਜ਼ਾਈਨਰਾਂ ਦੀ ਜ਼ਰੂਰਤ*

ਭਾਰਤ 'ਚ ਡਿਜ਼ਾਈਨ ਨੂੰ ਲੈ ਕੇ ਜਾਗਰੂਕਤਾ ਤੇਜ਼ੀ ਨਾਲ ਵੱਧ ਰਹੀ ਹੈ। ਇਕ ਅੰਕੜੇ ਅਨੁਸਾਰ ਡਿਜ਼ਾਈਨ ਦੇ ਵੱਖ-ਵੱਖ ਖੇਤਰਾਂ 'ਚ ਪ੍ਰਤੀ ਸਾਲ 60 ਹਜ਼ਾਰ ਤੋਂ ਜ਼ਿਆਦਾ ਨਿਪੁੰਨ ਡਿਜ਼ਾਈਨਰਾਂ ਦੀ ਜ਼ਰੂਰਤ ਪਵੇਗੀ। ਇਸ ਲਈ ਆਉਣ ਵਾਲੇ ਦਿਨਾਂ 'ਚ ਡਿਜ਼ਾਈਨ 'ਚ ਗ੍ਰੈਜੂਏਸ਼ਨ ਤੇ ਪੋਸਟ ਗ੍ਰੈਜੂਏਸ਼ਨ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਮੌਕਿਆਂ ਦੀ ਅਥਾਹ ਸੰਭਾਵਨਾ ਹੈ। ਜੇ ਹੁਣ ਦੀ ਗੱਲ ਕਰੀਏ ਤਾਂ ਡਿਜ਼ਾਈਨਰਜ਼ ਲਈ ਲਈ ਵੱਖ-ਵੱਖ ਉਦਯੋਗਾਂ 'ਚ ਕਈ ਤਰ੍ਹਾਂ ਦੇ ਪ੍ਰੋਫੈਸ਼ਨ ਹਨ, ਜਿੱਥੇ ਚੀਫ਼ ਡਿਜ਼ਾਈਨ ਅਫ਼ਸਰ, ਚੀਫ਼ ਏਟਿਵ ਅਫ਼ਸਰ, ਮਲਟੀ ਮੀਡੀਆ ਆਰਟ ਤੇ ਐਨੀਮੇਟਰਜ਼, ਟਰਾਂਸਪੋਰਟ ਡਿਜ਼ਾਈਨਰ, ਵੀਡੀਓ ਗੇਮ ਡਿਜ਼ਾਈਨਰ ਜਾਂ ਫੈਸ਼ਨ ਡਿਜ਼ਾਈਨਰ ਵਜੋਂ ਨੌਕਰੀ ਕਰ ਸਕਦੇ ਹੋ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਐਜੂਕੇਸ਼ਨਲ ਕਾਲਮਨਿਸਟ*
*ਮਲੋਟ, ਪੰਜਾਬ।*



# ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਸਾਰੇ ਸਿਵਲ ਕੰਮ ਜੁਲਾਈ ਤੱਕ ਮੁਕੰਮਲ ਹੋਣ ਦੀ ਸੰਭਾਵਨਾ: ਮੰਤਰੀ ਈਟੀਓ

## * ਉਸਾਰੀ ਅਧੀਨ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਕੀਤਾ ਦੌਰਾ, ਅਧਿਕਾਰੀਆਂ ਨੂੰ ਚੱਲ ਰਹੇ ਨਿਰਮਾਣ ਕਾਰਜਾਂ ਨੂੰ ਜਲਦ ਮੁਕੰਮਲ ਕਰਦਨ ਦੇ ਨਿਰਦੇਸ਼

ਚੰਡੀਗੜ੍ਹ, 16 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ।ਟੀ।ਓ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦੀ ਉਸਾਰੀ ਜੁਲਾਈ 2023 ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਸਾਰੇ ਨਿਰਮਾਣ ਕਾਰਜਾਂ ਦੇ ਟੈਂਡਰ ਲੋਕ ਨਿਰਮਾਣ ਵਿਭਾਗ (ਪੀ।ਡਬਲਯੂ।ਡੀ।) ਵੱਲੋਂ ਪਹਿਲਾਂ ਹੀ ਅਲਾਟ ਕੀਤੇ ਜਾ ਚੁੱਕੇ ਹਨ।

ਇਸ ਦਾ ਗੱਲ ਦਾ ਪ੍ਰਗਟਾਵਾ ਉਨ੍ਹਾਂ ਹਲਵਾਰਾ ਵਿਖੇ ਉਸਾਰੀ ਅਧੀਨ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਚੱਲ ਰਹੇ ਨਿਰਮਾਣ ਕਾਰਜ਼ਾਂ ਦਾ ਨਿਰੀਖਣ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਰਾਏਕੋਟ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ, ਡਿਪਟੀ ਕਮਿਸ਼ਨਰ ਸੁਰਭੀ ਮਲਿਕ, ਲੁਧਿਆਣਾ (ਦਿਹਾਤੀ) ਦੇ ਐਸ।ਐਸ।ਪੀ। ਨਵਨੀਤ ਸਿੰਘ ਬੈਂਸ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ 46।91 ਕਰੋੜ ਰੁਪਏ ਦੀ ਲਾਗਤ ਵਾਲੇ ਸਿਵਲ ਕਾਰਜ਼ ਸ਼ੁਰੂ ਹੋ ਚੁੱਕੇ ਹਨ। ਇਨ੍ਹਾਂ ਕੰਮਾਂ ਵਿੱਚ ਅੰਦਰੂਨੀ ਸੜਕਾਂ ਦਾ ਨਿਰਮਾਣ, ਟੈਕਸੀ ਵੇਅ, ਏਪਰਨ, ਅਸਟੇਟ ਪਬਲਿਕ ਹੈਲਥ ਸਰਵਿਸਿਜ਼, ਕੈਂਪਸ ਲਾਈਟਿੰਗ ਅੰਤਰਿਮ ਏਅਰਪੋਰਟ, ਟਰਮੀਨਲ ਬਿਲਡਿੰਗ, ਸਬ ਸਟੇਸ਼ਨ, ਟਾਇਲਟ ਬਲਾਕ, ਪਾਰਕਿੰਗ ਆਦਿ ਸ਼ਾਮਲ ਹਨ।



ਹਲਵਾਰਾ ਹਵਾਈ ਅੱਡੇ ਨੂੰ ਮੁੱਖ ਮੰਤਰੀ ਭਗਵੰਤ ਮਾਨ ਦਾ ਪ੍ਰਮੁੱਖ ਪ੍ਰਾਜੈਕਟ ਦੱਸਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਏਅਰਪੋਰਟ ਤੋਂ ਜਲਦ ਤੋਂ ਜਲਦ ਉਡਾਣਾਂ ਸ਼ੁਰੂ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨਾਲ ਇਸ ਖੇਤਰ ਦੇ ਸਰਵਪੱਖੀ ਵਿਕਾਸ ਦਾ ਰਾਹ ਪੱਧਰਾ ਹੋਵੇਗਾ। ਇਸ ਤੋਂ ਇਲਾਵਾ ਲੁਧਿਆਣਾ ਅਤੇ ਹੋਰ ਆਸ ਪਾਸ ਦੇ ਜ਼ਿਲ੍ਹਿਆਂ ਦੇ ਉਦਯੋਗ ਲਈ ਵੀ ਬੇਹੱਦ ਲਾਹੇਵੰਦ ਸਿੱਧ ਹੋਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਹਵਾਈ ਅੱਡੇ ਤੇ ਵੱਡੇ ਹਵਾਈ ਜਹਾਜ਼ ਆਸਾਨੀ ਨਾਲ ਲੈਂਡ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਇਸ ਪ੍ਰਾਜੈਕਟ ਵਿੱਚ ਡੂੰਘੀ ਦਿਲਚਸਪੀ ਲੈ ਰਹੇ ਹਨ, ਉਨ੍ਹਾਂ ਕਿਹਾ ਕਿ ਇਸ ਸਾਲ ਜਨਵਰੀ ਵਿੱਚ ਮੁੱਖ ਮੰਤਰੀ ਵਲੋਂ ਖੁਦ ਸਿਵਲ ਏਅਰ ਟਰਮੀਨਲ ਹਲਵਾਰਾ ਵਿਖੇ ਚੱਲ ਰਹੇ ਕੰਮ ਦਾ ਨਿਰੀਖਣ ਵੀ ਕੀਤਾ ਸੀ ਅਤੇ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਲਈ ਕਿਹਾ ਸੀ ਤਾਂ ਜੋ ਇਸ ਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾ ਸਕੇ।

ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵਲੋਂ ਅੱਗੇ ਦੱਸਿਆ ਗਿਆ ਕਿ ਪੰਜਾਬ ਵਿਧਾਨ ਸਭਾ ਨੇ ਹਾਲ ਹੀ ਵਿੱਚ ਇੰਡੀਅਨ ਏਅਰ ਫੋਰਸ ਸਟੇਸ਼ਨ ਹਲਵਾਰਾ, ਲੁਧਿਆਣਾ ਵਿਖੇ ਸੰਭਾਵਿਤ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਮ 'ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ' ਰੱਖਣ ਲਈ ਕੇਂਦਰ ਨੂੰ ਬੇਨਤੀ ਕਰਨ ਲਈ ਇੱਕ ਮਤਾ ਪਾਸ ਕੀਤਾ ਹੈ।






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।












## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275


Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.









## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੇ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਪੰਜਾਬ ਪੁਲਿਸ ਨੇ ਸੂਬੇ ਭਰ ਦੇ ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ ’ਤੇ ਚਲਾਈ ਤਲਾਸ਼ੀ ਮੁਹਿੰਮ

*** ਪੰਜਾਬ ਪੁਲਿਸ ਵੱਲੋਂ 115 ਸ਼ੱਕੀ ਵਿਅਕਤੀ ਕਾਬੂ, 62 ਐਫਆਈਆਰ ਕੀਤੀਆਂ ਦਰਜ * 550 ਪੁਲਿਸ ਟੀਮਾਂ ਨੇ 170 ਬੱਸ ਅੱਡਿਆਂ ਅਤੇ 132 ਰੇਲਵੇ ਸਟੇਸ਼ਨਾਂ ’ਤੇ 3304 ਵਿਅਕਤੀਆਂ ਦੀ ਲਈ ਤਲਾਸ਼ੀ**



ਚੰਡੀਗੜ੍ਹ, 16 ਅਪ੍ਰੈਲ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਛੇੜੀ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਦੇ ਸਾਰੇ ਬੱਸ ਸਟੈਂਡਾਂ ਅਤੇ ਰੇਲਵੇ ਸਟੇਸ਼ਨਾਂ ’ਤੇ ਵਿਸ਼ੇਸ਼ ਕਾਰਡਨ ਅਤੇ ਸਰਚ ਆਪ੍ਰੇਸ਼ਨ (ਸੀ।ਏ।ਐਸ।ਓ।) ਚਲਾਇਆ। ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਕੀਤੀ ਗਈ।

ਇਹ ਆਪ੍ਰੇਸ਼ਨ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਦੁਪਹਿਰ 2 ਵਜੇ ਤੋਂ ਸ਼ਾਮ 6 ਵਜੇ ਤੱਕ ਚਲਾਇਆ ਗਿਆ, ਜਿਸ ਤਹਿਤ ਪੁਲਿਸ ਟੀਮਾਂ ਅਤੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ।ਏ।ਪੀ।ਐਫ।) ਦੀਆਂ ਟੀਮਾਂ ਨੇ ਖੋਜੀ ਕੁੱਤਿਆਂ ਦੀ ਸਹਾਇਤਾ ਨਾਲ ਰੇਲਵੇ ਸਟੇਸ਼ਨਾਂ ਅਤੇ ਬੱਸ ਸਟੈਂਡਾਂ ’ਤੇ ਆਉਣ-ਜਾਣ ਵਾਲੇ ਲੋਕਾਂ ਦੀ ਤਲਾਸ਼ੀ ਲਈ। ਇਸ ਦੌਰਾਨ ਪੁਲਿਸ ਟੀਮਾਂ ਨੇ ਸ਼ੱਕੀ ਲੋਕਾਂ ਤੋਂ ਜਾਂਚ-ਪੜਤਾਲ ਵੀ ਕੀਤੀ ।

ਸਪੈਸ਼ਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ, ਜੋ ਨਿੱਜੀ ਤੌਰ ’ਤੇ ਇਸ ਸੂਬਾ ਪੱਧਰੀ ਕਾਰਵਾਈ ਦੀ ਨਿਗਰਾਨੀ ਕਰ ਰਹੇ ਸਨ, ਨੇ ਕਿਹਾ ਕਿ ਇਸ ਆਪ੍ਰੇਸ਼ਨ ਨੂੰ ਸਫਲ ਬਣਾਉਣ ਲਈ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਐਸ।ਪੀ। ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਵੱਧ ਤੋਂ ਵੱਧ ਪੁਲਿਸ ਟੀਮਾਂ ਨੂੰ ਲਾਮਬੰਦ ਕਰਨ ਲਈ ਕਿਹਾ ਗਿਆ ਸੀ। । ਉਨ੍ਹਾਂ ਕਿਹਾ, “ਅਸੀਂ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਸਖ਼ਤ ਹਦਾਇਤ ਕੀਤੀ ਸੀ ਕਿ ਉਹ ਇਸ ਕਾਰਵਾਈ ਦੌਰਾਨ ਹਰ ਵਿਅਕਤੀ ਨਾਲ ਦੋਸਤਾਨਾ ਢੰਗ ਅਤੇ ਨਿਮਰਤਾ ਨਾਲ ਪੇਸ਼ ਆਉਣ।”

ਉਨ੍ਹਾਂ ਕਿਹਾ ਕਿ ਸੂਬੇ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆਂ ’ਤੇ ਸ਼ੱਕੀ ਵਿਅਕਤੀਆਂ ਦੀ ਭਾਲ ਲਈ ਸੂਬੇ ਭਰ ਵਿੱਚ 550 ਪੈਟਰੋਲਿੰਗ ਪਾਰਟੀਆਂ, ਜਿਨ੍ਹਾਂ ਵਿੱਚ ਸੀ।ਏ।ਪੀ।ਐੱਫ। ਟੀਮਾਂ ਦੇ ਨਾਲ 5500 ਪੁਲਿਸ ਕਰਮਚਾਰੀ ਸ਼ਾਮਲ ਸਨ, ਤਾਇਨਾਤ ਕੀਤੀਆਂ ਗਈਆਂ ਸਨ, ਤਾਂ ਜੋ ਆਮ ਲੋਕਾਂ ਨੂੰ ਕੋਈ ਪਰੇਸ਼ਾਨੀ ਦਰਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਸੂਬੇ ਦੇ 170 ਬੱਸ ਅੱਡਿਆਂ ਅਤੇ 132 ਰੇਲਵੇ ਸਟੇਸ਼ਨਾਂ ’ਤੇ ਕੀਤੇ ਗਏ ਆਪ੍ਰੇਸ਼ਨ ਦੌਰਾਨ 3304 ਦੇ ਕਰੀਬ ਲੋਕਾਂ ਦੀ ਚੈਕਿੰਗ ਕੀਤੀ ਗਈ।


ਆਪ੍ਰੇਸ਼ਨ ਦੇ ਨਤੀਜਿਆਂ ਬਾਰੇ ਵੇਰਵੇ ਦਿੰਦਿਆਂ ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ 62 ਐਫ।ਆਈ।ਆਰਜ਼ ਦਰਜ ਕਰਕੇ 115 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਟੀਮਾਂ ਨੇ ਮੁਲਜ਼ਮਾਂ ਕੋਲੋਂ 900 ਗ੍ਰਾਮ ਹੈਰੋਇਨ ਅਤੇ 112 ਕਿਲੋ ਅਫੀਮ ਬਰਾਮਦ ਕਰਨ ਤੋਂ ਇਲਾਵਾ ਨਾਜਾਇਜ਼ ਸ਼ਰਾਬ ਅਤੇ ਨਸ਼ੇ ਦੀਆਂ ਗੋਲੀਆਂ ਵੀ ਬਰਾਮਦ ਕੀਤੀਆਂ ਹਨ।

ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੁਹਰਾਇਆ ਕਿ ਅਜਿਹੇ ਆਪ੍ਰੇਸ਼ਨ ਉਦੋਂ ਤੱਕ ਜਾਰੀ ਰਹਿਣਗੇ ਜਦੋਂ ਤੱਕ ਸੂਬੇ ਵਿੱਚੋਂ ਨਸ਼ਿਆਂ ਅਤੇ ਗੈਂਗਸਟਰਾਂ ਦਾ ਸਫਾਇਆ ਨਹੀਂ ਹੋ ਜਾਂਦਾ।

# ਅਮਰੀਕਾ ’ਚ ਜਨਮਦਿਨ ਪਾਰਟੀ ਦੌਰਾਨ ਗੋਲੀਬਾਰੀ, 4 ਦੀ ਮੌਤ



ਨਿਊਯਾਰਕ, 17 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ 'ਚ ਜਨਮ ਦਿਨ ਦੀ ਪਾਰਟੀ ਦੌਰਾਨ ਹੋਈ ਗੋਲੀਬਾਰੀ 'ਚ ਹੁਣ ਤੱਕ 4 ਲੋਕਾਂ ਦੇ ਮਾਰੇ ਜਾਣ ਦੀ ਖਬਰ ਹੈ, ਜਦਕਿ ਇਸ ਘਟਨਾ 'ਚ ਕਈ ਲੋਕ ਗੰਭੀਰ ਜ਼ਖਮੀ ਵੀ ਹੋਏ ਹਨ। ਅਮਰੀਕੀ ਮੀਡੀਆ ਦੇ ਅਨੁਸਾਰ ਇਕ ਟੈਲੀਵਿਜ਼ਨ ਸਟੇਸ਼ਨ ਨੇ ਐਤਵਾਰ ਤੜਕੇ ਅਲਾਬਾਮਾ ਦੇ ਡੇਡਵਿਲੇ ਵਿੱਚ ਇੱਕ ਇਮਾਰਤ ਦੇ ਆਲੇ ਦੁਆਲੇ ਭਾਰੀ ਪੁਲਿਸ ਗਤੀਵਿਧੀ ਅਤੇ ਘਟਨਾ ਸਥਾਨ ਦੇ ਨੇੜੇ ਦੀ ਹਿਲਜੁਲ ਦੀ ਰਿਪੋਰਟ ਕੀਤੀ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪੁਲਿਸ ਕਰਮਚਾਰੀਆਂ ਨੂੰ ਫਰਸ਼ 'ਤੇ ਇੱਕ ਚਿੱਟੀ ਚਾਦਰ ਨਾਲ ਕੁਝ ਢੱਕਿਆ ਹੋਇਆ ਦੇਖਿਆ ਗਿਆ ਸੀ। ਇਸ ਘਟਨਾ ਬਾਰੇ ਸਥਾਨਕ ਮੀਡੀਆ ਅਤੇ ਚਸ਼ਮਦੀਦਾਂ ਨੇ ਦੱਸਿਆ ਕਿ ਬਹੁਤ ਸਾਰੇ ਜ਼ਖਮੀਆਂ ਨੂੰ ਇਲਾਜ ਲਈ ਸਥਾਨਕ ਹਸਪਤਾਲਾਂ 'ਚ ਲਿਜ-'ਇਆ ਗਿਆ, ਜਿਨ੍ਹਾਂ 'ਚੋਂ ਜ਼ਿਆਦਾਤਰ ਨੌਜਵਾਨ ਹਨ। ਰਿਪੋਰਟ ਮੁਤਾਬਕ ਮਾਮਲੇ ਦੀ ਸ਼ੁਰੂਆਤੀ ਜਾਂਚ 'ਚ ਪਤਾ ਲੱਗਾ ਹੈ ਕਿ ਸਥਾਨਕ ਸਮੇਂ ਮੁਤਾਬਕ ਰਾਤ ਕਰੀਬ 10:30 ਵਜੇ ਇਕ ਕਿਸ਼ੋਰ ਦੇ ਜਨਮ ਦਿਨ ਦੀ ਪਾਰਟੀ 'ਚ ਗੋਲੀਬਾਰੀ ਹੋਈ ਸੀ। ਪੁਲਿਸ ਫਿਲਹਾਲ ਇਸ ਦੀ ਜਾਂਚ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਅਮਰੀਕਾ ਦੇ ਇੱਕ ਸਕੂਲ ਵਿੱਚ ਵੀ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਸੀ। ਨੈਸ਼ਵਿਲ ਦੇ ਇੱਕ ਪ੍ਰਾਇਮਰੀ ਸਕੂਲ ਵਿੱਚ ਇੱਕ ਮਹਿਲਾ ਹਮਲਾਵਰ ਨੇ ਗੋਲੀਬਾਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਸੀ। ਨੈਸ਼ਵਿਲ ਪੁਲਿਸ ਦੀ ਤਰਫੋਂ, ਕਿਹਾ ਗਿਆ ਕਿ 28 ਸਾਲਾ ਮਹਿਲਾ ਸ਼ੂਟਰ ਮਾਰੀ ਗਈ ਹੈ। ਹਾਲਾਂਕਿ ਪੁਲਿਸ ਵੱਲੋਂ ਇਸ ਘਟਨਾ ਦੇ ਪਿੱਛੇ ਦੇ ਕਾਰਨਾਂ ਦਾ ਅਜੇ ਤੱਕ ਖੁਲਾਸਾ ਨਹੀਂ ਕੀਤਾ ਗਿਆ ਹੈ। ਅਧਿਕਾਰੀਆਂ ਅਤੇ ਮੀਡੀਆ ਰਿਪੋਰਟਾਂ ਮੁਤਾਬਕ ਇਸ ਘਟਨਾ 'ਚ ਤਿੰਨ ਬੱਚਿਆਂ ਸਮੇਤ 6 ਦੀ ਮੌਤ ਹੋ ਗਈ। ਜਿਸ ਸਕੂਲ ਵਿੱਚ ਇਹ ਘਟਨਾ ਵਾਪਰੀ ਉਹ ਪ੍ਰੀ ਸਕੂਲ ਸੀ। ਇਸ ਵਿੱਚ ਪੜ੍ਹ ਰਹੇ ਸਾਰੇ ਬੱਚੇ 12 ਸਾਲ ਤੋਂ ਘੱਟ ਉਮਰ ਦੇ ਸਨ।



# ਦੁਬਈ ਦੀ ਇਮਾਰਤ ’ਚ ਲੱਗੀ ਭਿਆਨਕ ਅੱਗ, 16 ਲੋਕਾਂ ਦੀ ਮੌਤ

*** ਮ੍ਰਿਤਕਾਂ ਵਿਚ 4 ਭਾਰਤੀ ਤੇ 3 ਪਾਕਿਸਤਾਨੀ ਸ਼ਾਮਲ**



ਦੁਬਈ, 17 ਅਪ੍ਰੈਲ (ਪੋਸਟ ਬਿਊਰੋ): ਦੁਬਈ 'ਚ ਇਕ ਇਮ-'ਰਤ 'ਚ ਭਿਆਨਕ ਅੱਗ ਲੱਗਣ ਕਾਰਨ 4 ਭਾਰਤੀਆਂ ਸਮੇਤ 16 ਲੋਕਾਂ ਦੀ ਦਰਦਨਾਕ ਮੌਤ ਹੋ ਗਈ। ਮਰਨ ਵਾਲਿਆਂ ਵਿਚ ਪਾਕਿਸਤਾਨ ਦੇ 3 ਨਾਗਰਿਕ ਅਤੇ ਨਾਈਜੀਰੀਆ ਦੀ ਇਕ ਔਰਤ ਵੀ ਸ਼ਾਮਲ ਹੈ। ਹਾਦਸੇ 'ਚ 9 ਲੋਕ ਗੰਭੀਰ ਰੂਪ 'ਚ ਜ਼ਖਮੀ ਹੋ ਗਏ ਹਨ।

ਰਿਪੋਰਟ ਮੁਤਾਬਕ ਅੱਗ ਲੱਗਣ ਦੀ ਘਟਨਾ ਐਤਵਾਰ ਦੀ ਹੈ। ਜਿਸ ਪੰਜ ਮੰਜ਼ਿਲਾ ਇਮਾਰਤ ਨੂੰ ਅੱਗ ਲੱਗੀ ਉਹ ਦੁਬਈ ਦੇ ਅਲ ਰਾਸ ਇਲਾਕੇ ਵਿੱਚ ਸਥਿਤ ਹੈ। ਇਹ ਦੁਬਈ ਦੇ ਸਭ ਤੋਂ ਪੁਰਾਣੇ ਖੇਤਰਾਂ ਵਿੱਚੋਂ ਇੱਕ ਹੈ। ਅੱਗ ਪਹਿਲਾਂ ਇਸ ਇਮਾਰਤ ਦੀ ਚੌਥੀ ਮੰਜ਼ਿਲ ਤੋਂ ਸ਼ੁਰੂ ਹੋਈ ਅਤੇ ਹੌਲੀ-ਹੌਲੀ ਦੂਜੀ ਮੰਜ਼ਿਲ ਤੱਕ ਵੀ ਫੈਲ ਗਈ। ਦੁਬਈ ਪੁਲਸ ਮੁਤਾਬਕ ਅੱਗ ਦੁਪਹਿਰ 12:35 ਵਜੇ ਦੇ ਕਰੀਬ ਲੱਗੀ, ਜਿਸ 'ਤੇ ਦੁਪਹਿਰ 2:42 'ਤੇ ਕਾਬੂ ਪਾ ਲਿਆ ਗਿਆ। ਘਟਨਾ ਦੀ ਵੀਡੀਉ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ 'ਚ ਇਕ ਅਪਾਰਟਮੈਂਟ ਦੀ ਖਿੜਕੀ 'ਚੋਂ ਕਾਲਾ ਧੂੰਆਂ ਅਤੇ ਅੱਗ ਦੀਆਂ ਲਪਟਾਂ ਨਿਕਲਦੀਆਂ ਦਿਖਾਈ ਦੇ ਰਹੀਆਂ ਹਨ।

ਦੁਬਈ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸੂਚਨਾ ਮਿਲਦੇ ਹੀ ਦੁਬਈ ਸਿਵਲ ਡਿਫੈਂਸ ਹੈੱਡਕੁਆਰਟਰ ਦੀ ਟੀਮ ਮੌਕੇ 'ਤੇ ਪਹੁੰਚ ਗਈ ਸੀ। ਜਲਦੀ-ਜਲਦੀ 'ਚ ਇਮਾਰਤ 'ਚੋਂ ਲੋਕਾਂ ਨੂੰ ਕੱਢਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ। ਪਰ ਕੁਝ ਸਮੇਂ ਬਾਅਦ ਚੌਥੀ ਮੰਜ਼ਿਲ ਤੋਂ ਲੋਕਾਂ ਦੀਆਂ ਲਾਸ਼ਾਂ ਨਿਕਲਣੀਆਂ ਸ਼ੁਰੂ ਹੋ ਗਈਆਂ।

ਇਕ-ਇਕ ਕਰਕੇ 16 ਲਾਸ਼ਾਂ ਨੂੰ ਇਮਾਰਤ 'ਚੋਂ ਬਾਹਰ ਕੱਢਿਆ ਗਿਆ। ਹਾਦਸੇ 'ਚ ਗੰਭੀਰ ਰੂਪ 'ਚ ਜ਼ਖਮੀ ਹੋਏ 9 ਲੋਕਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਮ੍ਰਿਤਕ ਭਾਰਤੀਆਂ ਵਿੱਚ ਕੇਰਲ ਦਾ ਇੱਕ ਜੋੜਾ ਵੀ ਸ਼ਾਮਲ ਹੈ। ਦੁਬਈ ਵਿੱਚ ਭਾਰਤੀ ਕੌਂਸਲੇਟ ਨੇ ਹਾਦਸੇ ਵਿੱਚ 4 ਭਾਰਤੀਆਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ।

# ਵਿਦਿਆਰਥੀਆਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ ਵਿੱਚ 6 ਮਹਿਲਾ ਅਧਿਆਪਕ ਗ੍ਰਿਫਤਾਰ



ਨਿਊਯਾਰਕ, 17 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ 'ਚ ਦੋ ਦਿਨਾਂ ਦੇ ਅੰਦਰ 6 ਮਹਿਲਾ ਅਧਿਆਪਕਾਂ ਨੂੰ ਵਿਦਿਆਰਥੀਆਂ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਉਣ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਹੈ। ਇਲਜ਼ਾਮ ਹੈ ਕਿ ਮਹਿਲਾ ਟੀਚਰਾਂ ਨੇ ਸਕੂਲ ਦੇ ਅੰਦਰ ਵਿਦਿਆਰਥੀਆਂ ਨੂੰ ਡਰਾ ਧਮਕਾ ਕੇ ਅੰਦਰ ਅਤੇ ਬਾਹਰ ਕਈ ਮੌਕਿਆਂ 'ਤੇ ਵਿਦਿਆਰਥੀਆਂ ਨਾਲ ਸਰੀਰਕ ਸਬੰਧ ਬਣਾਏ। ਸ਼ਿਕਾਇਤ ਮਿਲਣ ’ਤੇ ਪੁਲੀਸ ਨੇ ਮਹਿਲਾ ਅਧਿਆਪਕਾਂ ਖ਼ਿਲਾਫ਼ ਕਾਰਵਾਈ ਕੀਤੀ ਹੈ। ਜਾਣਕਾਰੀ ਮੁਤਾਬਕ ਡੈਨਵਿਲੇ ਦੀ 38 ਸਾਲਾ ਏਲੇਨ ਸ਼ੈਲ 'ਤੇ ਥਰਡ ਡਿਗਰੀ ਰੇਪ ਦਾ ਦੋਸ਼ ਹੈ। ਮਾਮਲੇ ਵਿੱਚ ਦਰਜ ਇੱਕ ਅਪਰਾਧਿਕ ਸ਼ਿਕਾਇਤ ਦੇ ਅਨੁਸਾਰ, ਸ਼ੈਲ 'ਤੇ "ਦੋ 16 ਸਾਲ ਦੇ ਲੜਕਿਆਂ ਨਾਲ ਤਿੰਨ ਵਾਰ ਸੈਕਸ ਕਰਨ" ਦਾ ਦੋਸ਼ ਹੈ। ਡੈਨਵਿਲ ਵੀਰਵਾਰ ਨੂੰ ਗੈਰਾਰਡ ਕਾਉਂਟੀ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਹੋਈ।

ਸ਼ੈਲ ਵੁੱਡਲੌਨ ਐਲੀਮੈਂਟਰੀ ਸਕੂਲ ਵਿੱਚ ਇੱਕ ਅਧਿਆਪਕ ਦੇ ਸਹਾਇਕ ਵਜੋਂ ਕੰਮ ਕਰਦੀ ਸੀ ਅਤੇ ਪਹਿਲਾਂ ਲੈਂਕੈਸਟਰ ਐਲੀਮੈਂਟਰੀ ਸਕੂਲ ਵਿੱਚ ਨੌਕਰੀ ਕਰਦੀ ਸੀ। ਬੋਇਲ ਕਾਉਂਟੀ ਸਕੂਲ ਦੀ ਅਧਿਆਪਕਾ 'ਤੇ ਗੰਭੀਰ ਦੋਸ਼ ਲੱਗਣ ਤੋਂ ਬਾਅਦ ਉਸ ਨੂੰ ਪ੍ਰਸ਼ਾਸਨਿਕ ਛੁੱਟੀ 'ਤੇ ਭੇਜ ਦਿੱਤਾ ਗਿਆ ਹੈ। ਅਰਕਨਸਾਸ ਦੀ ਅਧਿਆਪਕਾ ਹੀਥਰ ਹੇਅਰ (32) 'ਤੇ ਬੱਚਿਆਂ ਦੇ ਜਿਨਸੀ ਸ਼ੋਸ਼ਣ ਦਾ ਦੋਸ਼ ਲਗਾਇਆ ਗਿਆ ਹੈ। ਰਿਪੋਰਟ ਅਨੁਸਾਰ ਉਕਲਾਹੋਮਾ ਦੀ 26 ਸਾਲਾ ਐਮਿਲੀ ਹੈਨਕੌਕ ਨੂੰ ਵੀ ਵੀਰਵਾਰ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਜਦੋਂ ਸਥਾਨਕ ਪੁਲਿਸ ਨੂੰ ਇੱਕ ਵਿਦਿਆਰਥੀ ਨਾਲ ਉਸਦੇ ਕਥਿਤ ਸਬੰਧਾਂ ਬਾਰੇ ਪਤਾ ਲੱਗਾ ਸੀ।

ਲਿੰਕਨ ਕਾਉਂਟੀ ਵਿੱਚ ਇੱਕ ਟਰਾਂਸਫਰ ਹੋਈ ਅਧਿਆਪਕ 'ਤੇ ਇੱਕ 15 ਸਾਲ ਦੇ ਵਿਦਿਆਰਥੀ ਨਾਲ ਅਣਉਚਿਤ ਸਬੰਧ ਬਣਾਉਣ ਦਾ ਦੋਸ਼ ਲਗਾਇਆ ਗਿਆ ਹੈ। ਅਦਾਲਤ ਦੇ ਦਸਤਾਵੇਜ਼ਾਂ ਵਿੱਚ ਕਿਹਾ ਗਿਆ ਹੈ ਕਿ ਅਧਿਆਪਕਾ, ਐਮਾ ਡੇਲੇਨੀ ਹੈਨਕੌਕ, ਵੇਲਸਟਨ ਪਬਲਿਕ ਸਕੂਲ ਵਿੱਚ ਕੰਮ ਕਰਦੀ ਸੀ ਅਤੇ ਇਹ ਸਬੰਧ ਸਕੂਲ ਦੀ ਇਮਾਰਤ ਦੇ ਅੰਦਰ ਹੋਇਆ ਸੀ। ਉਨ੍ਹਾਂ ਨੇ ਸਨੈਪਚੈਟ 'ਤੇ ਵੀ ਗੱਲਬਾਤ ਕੀਤੀ।

ਰਿਪੋਰਟ ਅਨੁਸਾਰ, ਕ੍ਰਿਸਟਨ ਗੈਂਟ, 36, ਡੇਸ ਮੋਇਨੇਸ, ਆਇਓਵਾ ਦੇ ਇੱਕ ਕੈਥੋਲਿਕ ਹਾਈ ਸਕੂਲ ਵਿੱਚ ਇੱਕ ਅੰਗਰੇਜ਼ੀ ਅਧਿਆਪਕ ਨੂੰ ਸ਼ੁੱਕਰਵਾਰ ਨੂੰ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਸੀ, ਜਿਸ ਨੇ ਕਥਿਤ ਤੌਰ 'ਤੇ ਆਪਣੇ ਸਕੂਲ ਦੇ ਅੰਦਰ ਅਤੇ ਬਾਹਰ ਪੰਜ ਵਾਰ ਇੱਕ ਕਿਸ਼ੋਰ ਵਿਦਿਆਰਥੀ ਨਾਲ ਸੈਕਸ ਕੀਤਾ ਸੀ।

## ਬਿਹਾਰ 'ਚ ਨਕਲੀ ਸ਼ਰਾਬ ਨਾਲ ਹੁਣ ਤੱਕ 27 ਮਰੇ, ਸਰਕਾਰ ਦੇਵੇਗੀ ਮ੍ਰਿਤਕਾਂ ਨੂੰ 4 ਲੱਖ ਰੁਪਏ ਮੁਆਵਜ਼ਾ

ਪਟਨਾ, 17 ਅਪ੍ਰੈਲ (ਪੋਸਟ ਬਿਊਰੋ): ਬਿਹਾਰ ਦੇ ਪੂਰਬੀ ਚੰਪਾਰਨ ਜ਼ਿਲ੍ਹੇ ਵਿੱਚ ਹੂਚ ਤ੍ਰਾਸਦੀ ਵਿੱਚ ਮਰਨ ਵਾਲਿਆਂ ਦੀ ਗਿਣਤੀ ਵੱਧ ਕੇ 27 ਹੋ ਗਈ ਹੈ। ਬਿਹਾਰ ਸਰਕਾਰ ਨਕਲੀ ਸ਼ਰਾਬ ਕਾਰਨ ਮੌਤ ਹੋਣ 'ਤੇ ਚਾਰ ਲੱਖ ਰੁਪਏ ਮੁਆਵਜ਼ਾ ਦੇਵੇਗੀ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਇਸ ਮੁਆਵਜ਼ੇ ਦਾ ਐਲਾਨ ਕੀਤਾ ਹੈ। ਜਿਸ ਦੀ ਸਰਕਾਰ ਅਤੇ ਭਾਜਪਾ ਵਿੱਚ ਸ਼ਾਮਲ ਭਾਈਵਾਲ ਪਾਰਟੀਆਂ ਵੱਲੋਂ ਮੰਗ ਕੀਤੀ ਜਾ ਰਹੀ ਸੀ। ਨਿਤੀਸ਼ ਕੁਮਾਰ ਨੇ ਕਿਹਾ ਕਿ ਨਕਲੀ ਸ਼ਰਾਬ ਨਾਲ ਹੋਈ ਮੌਤ ਦੁਖਦਾਈ ਹੈ ਅਤੇ ਰਿਪੋਰਟ ਆਉਣ ਤੋਂ ਬਾਅਦ ਪੀੜਤ ਪਰਿਵਾਰ ਨੂੰ ਇਹ ਆਰਥਿਕ ਸਹਾਇਤਾ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਵਿਰੋਧੀ ਧਿਰ ਭਾਰਤੀ ਜਨਤਾ ਪਾਰਟੀ ਨੇ ਦੋਸ਼ ਲਾਇਆ ਹੈ ਕਿ ਇਹ ਘਟਨਾ ਨਿਤੀਸ਼ ਕੁਮਾਰ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੀਤਾ ਗਿਆ ‘ਸਮੂਹਿਕ ਕਤਲ’ ਹੈ। ਬਿਹਾਰ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਵਿਜੇ ਕੁਮਾਰ ਸਿਨਹਾ ਨੇ ਰਾਜ ਪ੍ਰਸ਼ਾਸਨ 'ਤੇ ਸੱਤਾਧਾਰੀ ਜਨਤਾ ਦਲ (ਯੂਨਾਈਟਿਡ) (ਜੇਡੀ-ਯੂ) ਅਤੇ ਰਾਸ਼ਟਰੀ ਜਨਤਾ ਦਲ (ਆਰਜੇਡੀ) ਨਾਲ ਜੁੜੇ ਸ਼ਰਾਬ ਮਾਫੀਆ ਨੂੰ ਬਚਾਉਣ ਦਾ ਦੋਸ਼ ਲਗਾਇਆ।

# ਦੋਸਤਾਂ ਨਾਲ ਮਿਲ ਕੇ ਕੀਤਾ ਪ੍ਰੇਮਿਕਾ ਨਾਲ ਗੈਂਗਰੇਪ, ਬਣਾਈ ਵੀਡੀਉ



ਗੋਪਾਲਗੰਜ, 17 ਅਪ੍ਰੈਲ (ਪੋਸਟ ਬਿਊਰੋ): ਬਿਹਾਰ ਦੇ ਗੋਪਾਲਗੰਜ 'ਚ ਤਿੰਨ ਨੌਜਵਾਨਾਂ ਨੇ ਇਕ ਲੜਕੀ ਨਾਲ ਸਮੂਹਿਕ ਬਲਾਤਕਾਰ ਕੀਤਾ ਅਤੇ ਵੀਡੀਉ ਵੀ ਬਣਾਈ। ਬਾਅਦ ਵਿੱਚ ਗੈਂਗਰੇਪ ਦੀ ਵੀਡੀਉ ਵੀ ਵਾਇਰਲ ਕਰ ਦਿੱਤੀ ਗਈ। ਪੂਰੀ ਘਟਨਾ 'ਚ ਲੜਕੀ ਦਾ ਪ੍ਰੇਮੀ ਸ਼ਾਮਲ ਹੈ। ਮਾਮਲੇ 'ਚ ਤਿੰਨ ਨੌਜਵਾਨਾਂ 'ਤੇ ਗੈਂਗਰੇਪ ਕਰਨ ਅਤੇ ਵੀਡੀਉ ਵਾਇਰਲ ਕਰਨ ਦੇ ਦੋਸ਼ 'ਚ ਦੋ ਨੌਜਵਾਨਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

ਦਰਅਸਲ ਗੋਪਾਲਗੰਜ ਜ਼ਿਲ੍ਹੇ ਦੇ ਇੱਕ ਪਿੰਡ ਦੀ ਇੱਕ ਕੁੜੀ ਨੇ ਸਕੂਲ ਵਿੱਚ ਪੜ੍ਹਦੇ ਹੀ ਇੱਕ ਲੜਕੇ ਨਾਲ ਦੋਸਤੀ ਕਰ ਲਈ ਸੀ। ਫਿਰ ਦੋਹਾਂ ਵਿਚਕਾਰ ਪਿਆਰ ਹੋ ਗਿਆ। ਦੋਵਾਂ ਵਿਚਾਲੇ ਫੋਨ 'ਤੇ ਗੱਲਬਾਤ ਵੀ ਸ਼ੁਰੂ ਹੋ ਗਈ ਸੀ। ਫਿਰ ਇੱਕ ਦਿਨ ਪ੍ਰੇਮੀ ਨੇ ਲੜਕੀ ਨੂੰ ਮਿਲਣ ਲਈ ਕਮਰੇ ਵਿੱਚ ਬੁਲਾਇਆ। ਜਦੋਂ ਲੜਕੀ ਉਥੇ ਪਹੁੰਚੀ ਤਾਂ ਉਸ ਦਾ ਬੁਆਏਫ੍ਰੈਂਡ ਆਪਣੇ ਚਾਰ ਦੋਸਤਾਂ ਨਾਲ ਕਮਰੇ ਵਿਚ ਪਹਿਲਾਂ ਹੀ ਮੌਜੂਦ ਸੀ।

ਕਮਰੇ 'ਚ ਪ੍ਰੇਮੀ ਨੇ ਆਪਣੇ ਦੋ ਦੋਸਤਾਂ ਨਾਲ ਮਿਲ ਕੇ ਪ੍ਰੇਮਿਕਾ ਨਾਲ ਗੈਂਗਰੇਪ ਕੀਤਾ, ਇਸ ਦੇ ਨਾਲ ਹੀ ਦੋ ਨੌਜਵਾਨਾਂ ਨੇ ਵੀਡੀਉ ਵੀ ਬਣਾਈ ਅਤੇ ਲੜਕੀ ਨੂੰ ਭਜਾ ਦਿੱਤਾ। ਵੀਡੀਉ ਵਾਇਰਲ ਕਰਨ ਦੀ ਧਮਕੀ ਦੇ ਕੇ ਹਰ ਕੋਈ ਲੜਕੀ ਨੂੰ ਦੁਬਾਰਾ ਕਮਰੇ ਵਿਚ ਬੁਲਾ ਰਿਹਾ ਸੀ ਪਰ ਉਸ ਨੇ ਆਉਣ ਤੋਂ ਇਨਕਾਰ ਕਰ ਦਿੱਤਾ।

ਲੜਕੀ ਦੇ ਮਨ੍ਹਾ ਕਰਨ 'ਤੇ ਗੁੱਸੇ 'ਚ ਆ ਕੇ ਪ੍ਰੇਮੀ ਅਤੇ ਉਸ ਦੇ ਸਾਥੀਆਂ ਨੇ ਸਮੂਹਿਕ ਬਲਾਤਕਾਰ ਦੀ ਵੀਡੀਉ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ। ਜਦੋਂ ਪੀੜਤਾ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਸ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਉਸ ਨੇ ਪਰਿਵਾਰ ਨੂੰ ਸਾਰੀ ਘਟਨਾ ਬਾਰੇ ਜਾਣਕਾਰੀ ਦਿੱਤੀ, ਜਿਸ ਨਾਲ ਪਰਿਵਾਰ ਵੀ ਹੈਰਾਨ ਰਹਿ ਗਿਆ। ਹੁਣ ਰਿਸ਼ਤੇਦਾਰਾਂ ਨੇ ਗੋਪਾਲਗੰਜ ਦੇ ਐਸਪੀ ਸਵਰਨ ਪ੍ਰਭਾਤ ਨੂੰ ਇਨਸਾਫ਼ ਦੀ ਅਪੀਲ ਕੀਤੀ ਹੈ।

ਐਸਪੀ ਦੀਆਂ ਹਦਾਇਤਾਂ ’ਤੇ ਪੁਲੀਸ ਨੇ ਪੀੜਤਾ ਦੇ ਬਿਆਨਾਂ ’ਤੇ ਪੰਜ ਨੌਜਵਾਨਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਤਿੰਨ ਨੌਜਵਾਨਾਂ 'ਤੇ ਗੈਂਗਰੇਪ ਦਾ ਦੋਸ਼ ਹੈ ਅਤੇ ਦੋ 'ਤੇ ਵੀਡੀਉ ਵਾਇਰਲ ਕਰਨ ਦਾ ਦੋਸ਼ ਹੈ। ਮਾਮਲੇ ਵਿੱਚ ਗੋਪਾਲਗੰਜ ਦੇ ਐਸਡੀਪੀਉ ਸੰਜੀਵ ਕੁਮਾਰ ਦਾ ਕਹਿਣਾ ਹੈ ਕਿ ਸਾਰੇ ਮੁਲਜ਼ਮ ਫਰਾਰ ਹਨ। ਪੁਲਸ ਉਨ੍ਹਾਂ ਦੀ ਭਾਲ ਵਿੱਚ ਲੱਗੀ ਹੋਈ ਹੈ। ਪੀੜਤਾ ਦੇ ਬਿਆਨ ਲਏ ਗਏ ਅਤੇ ਉਸ ਦਾ ਮੈਡੀਕਲ ਵੀ ਕਰਵ-'ਇਆ ਗਿਆ। ਜਲਦੀ ਹੀ ਸਾਰੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।




URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA
MCNE, Real Estate Broker
416-371-7777
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd · Mcvean Dr · Gore Rd · Countryside Dr · DENTISTRY · Squire Ellis Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017